ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 22* Issue 104 | Monday, May 29, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ



SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


## ਮਕਾਨ ਮਾਲਕ ਤੇ ਕਿਰਾਏਦਾਰਾਂ ਦਰਮਿਆਨ ਹੋਏ ਝਗੜੇ ਵਿੱਚ ਤਿੰਨ ਹਲਾਕ

ਹੈਮਿਲਟਨ, 28 ਮਈ (ਪੋਸਟ ਬਿਊਰੋ) : ਸ਼ਨਿੱਚਰਵਾਰ ਨੂੰ ਸਟੋਨੀ ਕ੍ਰੀਕ ਵਿੱਚ ਮਕਾਨ ਮਾਲਕ ਤੇ ਕਿਰਾਏਦਾਰਾਂ ਦਰਮਿਆਨ ਹੋਏ ਝਗੜੇ ਕਾਰਨ ਤਿੰਨ ਵਿਅਕਤੀ ਮਾਰੇ ਗਏ।

ਸਾਰਜੈਂਟ ਸਟੀਵ ਬੈਰੇਜ਼ਿਊਕ ਨੇ ਦੱਸਿਆ ਕਿ ਸ਼ਨਿੱਚਰਵਾਰ ਨੂੰ ਸ਼ਾਮੀਂ 5:30 ਵਜੇ ਤੋਂ ਬਾਅਦ ਉਨ੍ਹਾਂ ਨੂੰ ਬਾਰਟਨ ਸਟਰੀਟ ਦੇ ਨੇੜੇ ਜੋਨਜ਼ ਰੋਡ ਉੱਤੇ ਸਥਿਤ ਇੱਕ ਘਰ ਵਿੱਚ ਸੱਦਿਆ ਗਿਆ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਇੱਕ 27 ਸਾਲਾ ਮਹਿਲਾ ਐਜੂਕੇਸ਼ਨਲ ਅਸਿਸਟੈਂਟ ਤੇ 28 ਸਾਲਾ ਪੁਰਸ਼ ਇਲੈਕਟ੍ਰੀਸ਼ੀਅਨ ਘਰ ਦੇ ਠੀਕ ਬਾਹਰ ਮ੍ਰਿਤਕ ਪਏ ਮਿਲੇ। ਫਿਰ ਪੁਲਿਸ ਨੇ ਘਰ ਵਿੱਚ ਹੀ ਖੁਦ ਨੂੰ ਹਥਿਆਰਾਂ ਨਾਲ ਬੰਦ ਕਰੀ ਬੈਠੇ 57 ਸਾਲਾ ਵਿਅਕਤੀ ਨਾਲ ਗੱਲਬਾਤ ਸ਼ੁਰੂ ਕੀਤੀ। ਬੈਰੇਜ਼ਿਊਕ ਨੇ ਦੱਸਿਆ ਕਿ ਉਹ ਮਕਾਨ ਮਾਲਕ ਸੀ ਤੇ ਕਿਰਾਏਦਾਰਾਂ ਦੇ ਘਰ ਦੇ ਉੱਪਰਲੀ ਯੂਨਿਟ ਵਿੱਚ ਰਹਿੰਦਾ ਸੀ।

ਮਸਲੇ ਨੂੰ ਸ਼ਾਂਤਮਈ ਢੰਗ ਨਾਲ ਹੱਲ ਕਰਨ ਲਈ ਪੁਲਿਸ ਨੇ ਇਲਾਕਾ ਵਾਸੀਆਂ ਨੂੰ ਆਪਣੀਆਂ ਬੇਸਮੈਂਟਸ ਵਿੱਚ ਚਲੇ ਜਾਣ ਦੀ ਸਲਾਹ ਦਿੱਤੀ। ਪੁਲਿਸ ਨੇ ਬਿਆਨ ਵਿੱਚ ਆਖਿਆ ਕਿ ਗੱਲਬਾਤ ਦੌਰਾਨ ਮਸ਼ਕੂਕ ਨੇ



ਹੈਮਿਲਟਨ ਪੁਲਿਸ ਦੀ ਹਥਿਆਰਬੰਦ ਗੱਡੀ ਉੱਤੇ ਗੋਲੀ ਚਲਾ ਦਿੱਤੀ। ਮਸ਼ਕੂਕ ਨੇ ਬਾਅਦ ਵਿੱਚ ਹੋਰ ਗੋਲੀਆਂ ਵੀ ਚਲਾਈਆਂ ਤੇ ਫਿਰ ਪੁਲਿਸ ਨੂੰ ਵੀ ਜਵਾਬੀ ਕਾਰਵਾਈ ਕਰਨੀ ਪਈ। ਇਸ ਦੌਰਾਨ ਮਸ਼ਕੂਕ ਦੀ ਮੌਤ ਹੋ ਗਈ। ਰਾਤੀਂ 1:00 ਵਜੇ ਦੇ ਨੇੜੇ ਤੇੜੇ ਪੁਲਿਸ ਨੇ ਹਾਲਾਤ ਉੱਤੇ ਕਾਬੂ ਪਾਇਆ।

ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ ਨੇ ਬਿਆਨ ਜਾਰੀ ਕਰਕੇ ਆਖਿਆ ਕਿ ਇਸ ਮਾਮਲੇ ਦੀ ਉਨ੍ਹਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਬੈਰੇਜ਼ਿਊਕ ਨੇ ਆਖਿਆ ਕਿ ਦੋਵੇਂ ਕਿਰਾਏਦਾਰ ਬੇਕਸੂਰ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਆਖਿਆ ਕਿ ਇਹ ਦੋਵੇਂ ਕਿਰਾਏਦਾਰ ਮਿਹਨਤੀ ਤੇ ਜਵਾਨ ਸਨ। ਉਹ ਕਿਸੇ ਵੀ ਮੁਜਰਮਾਨਾ ਗਤੀਵਿਧੀ ਵਿੱਚ ਸ਼ਾਮਲ ਨਹੀਂ ਸਨ। ਦੋਵਾਂ ਦਾ ਮੰਗਣਾ ਹੋ ਚੁੱਕਿਆ ਸੀ ਤੇ ਉਹ ਜਲਦ ਹੀ ਵਿਆਹ ਕਰਵਾਉਣ ਵਾਲੇ ਸਨ। ਉਨ੍ਹਾਂ ਅੰਤ ਵਿੱਚ ਆਖਿਆ ਕਿ ਇਹ ਬਹੁਤ ਹੀ ਦੁਖਦਾਈ ਘਟਨਾ ਹੈ।

# ਟੈੱਡ ਸੂ ਵੀ ਓਨਟਾਰੀਓ ਲਿਬਰਲ ਲੀਡਰਸ਼ਿਪ ਦੌੜ ਵਿੱਚ ਹੋਏ ਸ਼ਾਮਲ

ਓਨਟਾਰੀਓ, 28 ਮਈ (ਪੋਸਟ ਬਿਊਰੋ) : ਓਨਟਾਰੀਓ ਦੀ ਲਿਬਰਲ ਪਾਰਟੀ ਦਾ ਅਗਲਾ ਆਗੂ ਬਣਨ ਲਈ ਇੱਕ ਹੋਰ ਉਮੀਦਵਾਰ ਰਸਮੀ ਤੌਰ ਉੱਤੇ ਚੋਣ ਪਿੜ ਵਿੱਚ ਦਾਖਲ ਹੋ ਗਿਆ ਹੈ।

ਐਤਵਾਰ ਨੂੰ ਟੈੱਡ ਸੂ ਨੇ ਕਿੰਗਸਟਨ ਤੋਂ ਆਪਣੀ ਕੈਂਪੇਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਹੋਮ ਟਾਊਨ ਮਿਊਜ਼ਿਕ ਹੀਰੋ ਰੌਬ ਬੇਕਰ ਵੀ ਹਾਜ਼ਰ ਸਨ। ਸੂ ਨੇ ਆਖਿਆ ਕਿ ਉਹ ਆਪਣੀ ਪਾਰਟੀ ਨੂੰ ਨਵੀਂ ਸ਼ੁਰੂਆਤ ਦੇਣੀ ਚਾਹੁੰਦੇ



ਹਨ ਤੇ ਲਿਬਰਲਾਂ ਨੂੰ ਇੱਕ ਵਾਰੀ ਫਿਰ ਲੋਕਾਂ ਦਾ ਭਰੋਸਾ ਜਿੱਤਣ ਲਈ ਪੈਰਾਂ ਸਿਰ ਕਰਨਾ ਚਾਹੁੰਦੇ ਹਨ।

ਇਲੈਕਸ਼ਨਜ਼ ਓਨਟਾਰੀਓ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸੂ ਨੇ 20 ਮਈ ਨੂੰ ਉਮੀਦਵਾਰ ਵਜੋਂ ਰਸਮੀ ਤੌਰ ਉੱਤੇ ਆਪਣੇ ਕਾਗਜ਼ ਰਜਿਸਟਰ ਕਰਵਾਏ ਸਨ।

ਸੂ ਇੱਕ ਸਾਲ ਪਹਿਲਾਂ ਹੋਈਆਂ ਪ੍ਰੋਵਿੰਸ਼ੀਅਲ ਚੋਣਾਂ ਤੋਂ ਹੀ ਕਿੰਗਸਟਨ ਐਂਡ ਦ ਆਈਲੈਂਡਜ਼ ਦੇ ਐਮਪੀਪੀ ਹਨ ਤੇ ਉਹ ਸੱਤ ਲਿਬਰਲ ਐਮਪੀਪੀਜ਼ ਵਿੱਚੋਂ ਇੱਕ ਹਨ। ਭਾਵੇਂ ਕਈ ਉਮੀਦਵਾਰ ਇਸ ਦੌੜ ਵਿੱਚ ਹਿੱਸਾ ਲੈਣ ਦੀ ਆਪਣੀ ਇੱਛਾ ਜਤਾ ਚੁੱਕੇ ਹਨ ਪਰ ਅਜੇ ਤੱਕ ਬੀਚਿਜ਼ ਈਸਟ ਯੌਰਕ ਤੋਂ ਐਮਪੀ ਨਥਾਨੀਅਲ ਅਰਸਕਿਨ ਸਮਿੱਥ ਨੇ ਹੀ ਉਮੀਦਵਾਰ ਵਜੋਂ ਆਪਣਾ ਨਾਂ ਰਜਿਸਟਰ ਕਰਵਾਇਆ ਹੈ। ਇਸ ਤੋਂ ਇਲਾਵਾ ਮਿਸੀਸਾਗਾ ਦੀ ਮੇਅਰ ਬੌਨੀ ਕ੍ਰੌਂਬੀ ਨੇ ਵੀ ਆਪਣੇ ਪਰ ਤੋਲਣ ਲਈ ਇੱਕ ਐਕਸਪਲੋਰੇਟਰੀ ਕਮੇਟੀ ਕਾਇਮ ਕੀਤੀ ਹੈ। ... ਬਾਕੀ ਸਫਾ 2 'ਤੇ

## ਦੋ ਗੱਡੀਆਂ ਦੀ ਟੱਕਰ ਮਗਰੋਂ ਇੱਕ ਪਲਟੀ, ਮਹਿਲਾ ਹਲਾਕ

ਬਰੈਂਪਟਨ, 28 ਮਈ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਜੀਪ ਤੇ ਮਿਨੀਵੈਨ ਦਰਮਿਆਨ ਹੋਈ ਟੱਕਰ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ।

ਸ਼ੁੱਕਰਵਾਰ ਰਾਤੀਂ 2:00 ਵਜੇ ਤੋਂ ਠੀਕ ਬਾਅਦ ਬ੍ਰਾਮੇਲੀਆ ਰੋਡ ਤੇ ਸੈਂਡਲਵੁੱਡ ਪਾਰਕਵੇਅ ਦੇ ਇੰਟਰਸੈਕਸ਼ਨ ਉੱਤੇ ਹੋਏ ਇਸ ਹਾਦਸੇ ਦਾ ਪਤਾ ਲੱਗਣ ਮਗਰੋਂ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਪੁਲਿਸ ਨੇ ਦੱਸਿਆ ਕਿ ਹੌਂਡਾ ਓਡਿਸੀ ਨੇ ਜੀਪ ਰੈਂਗਲਰ ਦੇ ਪਿਛਲੇ ਹਿੱਸੇ ਨੂੰ ਮਾਮੂਲੀ ਜਿਹੀ ਟੱਕਰ ਮਾਰੀ। ਪਰ ਇਸ ਨਾਲ ਜੀਪ ਪਲਟ ਗਈ।

ਜੀਪ ਵਿੱਚ ਸਵਾਰ ਮਹਿਲਾ ਨੂੰ ਮੌਕੇ



ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਮਾਮੂਲੀ ਸੱਟਾਂ ਨਾਲ ਮਿਨੀਵੈਨ ਦੀ ਮਹਿਲਾ ਡਰਾਈਵਰ ਨੂੰ ਹਸਪਤਾਲ ਲਿਜਾਇਆ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਹ ਪਤਾ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਰੈੱਡ ਲਾਈਟ ਕਿਹੜੀ ਗੱਡੀ ਨੇ ਟੱਪੀ।

ਜਾਂਚ ਤੇ ਸਾਫ-ਸਫਾਈ ਲਈ ਇਸ ਇੰਟਰਸੈਕਸ਼ਨ ਨੂੰ ਬੰਦ ਕਰ ਦਿੱਤਾ ਗਿਆ ਹੈ ਤੇ ਇਸ ਦੇ ਕਈ ਘੰਟਿਆਂ

## ਡੁੱਬਣ ਕਾਰਨ 3 ਸਾਲਾ ਬੱਚੇ ਦੀ ਹੋਈ ਮੌਤ

ਓਕਵਿੱਲ,28 ਮਈ (ਪੋਸਟ ਬਿਊਰੋ) : ਸ਼ਨਿੱਚਰਵਾਰ ਨੂੰ ਓਕਵਿੱਲ ਦੇ ਇੱਕ ਘਰ ਦੇ ਬੈਕਯਾਰਡ ਵਿੱਚ ਬਣੇ ਪੂਲ ਵਿੱਚ ਡੁੱਬ ਜਾਣ ਕਾਰਨ ਇੱਕ 3 ਸਾਲਾ ਬੱਚੇ ਦੀ ਹੋਈ ਮੌਤ ਦੀ ਪੁਲਿਸ ਜਾਂਚ ਕਰ ਰਹੀ ਹੈ।

ਇਹ ਹਾਦਸਾ ਸਪੀਅਰਜ਼ ਰੋਡ ਤੇ ਥਰਡ ਲੇਨ ਇਲਾਕੇ ਵਿੱਚ ਸਥਿਤ ਇੱਕ ਘਰ ਵਿੱਚ ਵਾਪਰਿਆ। ਹਾਲਟਨ ਰੀਜਨਲ ਪੁਲਿਸ ਸਰਵਿਸ (ਐਚਆਰਪੀਐਸ) ਨੇ ਦੱਸਿਆ ਕਿ ਸ਼ਾਮੀਂ 7:00 ਵਜੇ ਤੋਂ ਬਾਅਦ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੁਲਿਸ ਅਨੁਸਾਰ ਘਰ ਵਿੱਚ ਕੋਈ ਪਾਰਟੀ ਚੱਲ ਰਹੀ ਸੀ ਤੇ ਵੱਡੀ ਮਾਤਰਾ ਵਿੱਚ ਬਾਲਗ ਤੇ ਬੱਚੇ ਇੱਥੇ ਆਏ ਹੋਏ ਸਨ। ਇਹ ਤਿੰਨ ਸਾਲਾ ਬੱਚਾ ਪਾਣੀ ਵਿੱਚ ਡਿੱਗ ਗਿਆ ਤੇ ਲੰਮੇਂ ਸਮੇਂ ਤੱਕ ਕਿਸੇ ਦਾ ਧਿਆਨ ਉਸ ਵੱਲ ਨਹੀਂ ਗਿਆ।

ਜਿਵੇਂ ਹੀ ਬੱਚੇ ਦੇ ਪੂਲ ਵਿੱਚ ਡਿੱਗਣ ਦਾ ਪਤਾ ਲੱਗਿਆ ਤਾਂ ਉਸ ਨੂੰ ਕੱਢ ਕੇ ਬਾਲਗਾਂ ਵੱਲੋਂ ਉਸ ਦੀ ਜਾਨ ਬਚਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕੀਤੀਆਂ ਗਈਆਂ। ਫਿਰ ਐਮਰਜੰਸੀ ਅਮਲੇ




ਵੱਲੋਂ ਵੀ ਉਸ ਦੀ ਜਾਨ ਬਚਾਉਣ ਦੀਆਂ ਪੂਰੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ। ਇਨ੍ਹਾਂ ਕੋਸ਼ਿਸ਼ਾਂ ਦੇ ਬਾਵਜੂਦ ਬੱਚੇ ਨੂੰ ਬਚਾਇਆ ਨਹੀਂ ਜਾ ਸਕਿਆ ਤੇ ਹਸਪਤਾਲ ਪਹੁੰਚਣ ਉੱਤੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਨੇ ਦੱਸਿਆ ਕਿ ਬੱਚੇ ਦੇ ਨਾਂ ਅਤੇ ਪਾਰਟੀ ਵਿੱਚ ਸ਼ਾਮਲ ਹੋਏ ਲੋਕਾਂ ਸਬੰਧੀ ਵੇਰਵੇ ਜਾਰੀ ਨਹੀਂ ਕੀਤੇ ਜਾ ਰਹੇ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਹੋਣ ਵਾਲੀ ਮੌਤ ਦੀ ਜਾਂਚ ਹਾਲਟਨ ਰੀਜਨਲ ਪੁਲਿਸ ਸਰਵਿਸ ਦੇ ਹੋਮੀਸਾਈਡ ਬਿਊਰੋ ਵੱਲੋਂ ਕੌਰੋਨਰ ਆਫਿਸ ਨਾਲ ਰਲ ਕੇ ਕੀਤੀ ਜਾਂਦੀ ਹੈ। ਅਜੇ ਤੱਕ ਕਿਸੇ ਖਿਲਾਫ ਕੋਈ ਚਾਰਜਿਜ਼ ਨਹੀਂ ਲਾਏ ਗਏ ਹਨ।


INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

NOW HIRING !!!
ALLKIND INSURANCE
Life Insurance • Critical illness Ins • Travel & Visitor Ins • RESP & TFSA & RRSP • Super Visa Insurance • Mortgage Insurance • Disability Insurance • Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty
Off: 905.230.3100

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME APPLIANCES
HOT SUMMER Deal
$2,999*
SAMSUNG BUY MORE SAVE MORE
$4,299*
$5,199*
KitchenAid, moffat, MAYTAG, LG, SAMSUNG, Electrolux, JENNAIR, BOSCH, Whirlpool
5781 Highway 7 Unit 10 Vaughan, ON L4L 1T8 (416) 477-5556
44 Fasken Dr, #2-9 Etobicoke, ON M9W 5M8 (416) 792-0877
Unit #1, 241 Clarence St Brampton, On L6W 3E7 (416) 551-3343
1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd.
1354 Khalsa Dr, Unit # 11, Mississauga, ON L5S 0A2

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance, Walkie pallet, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫੀਮੇਲ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law • Business Law • Wills & Estates • Family Law • Power of Attorney • Civil Litigation • Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਮਹਿਲਾ ਪਹਿਲਵਾਨਾਂ ਦੇ ਹੱਕ 'ਚ ਹਜ਼ਾਰਾਂ ਔਰਤਾਂ ਨੇ ਕੀਤਾ ਗਵਰਨਰ ਭਵਨ ਵੱਲ

## ਅੱਜ ਜੰਤਰ ਮੰਤਰ ਤੋਂ ਪਹਿਲਵਾਨ ਕੁੜੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਨਿੰਦਾ ਕਰਦਿਆਂ ਇਕੱਤਰਤਾ ਨੇ ਤੁਰੰਤ ਰਿਹਾਈ ਦੀ ਕੀਤੀ ਮੰਗ

ਚੰਡੀਗੜ੍ਹ 28 ਮਈ (ਪੋਸਟ ਬਿਊਰੋ): ਭਾਕਿਯੂ (ਏਕਤਾ-ਉਗਰਾਹਾਂ) ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੱਦੇ ਤਹਿਤ ਅੱਜ ਹਜ਼ਾਰਾਂ ਔਰਤਾਂ ਵੱਲੋਂ ਮਹਿਲਾ ਪਹਿਲਵਾਨਾਂ ਦੇ ਹੱਕ 'ਚ ਅਤੇ ਮੋਦੀ ਸਰਕਾਰ ਵੱਲੋਂ ਡਾਕਟਰ ਨਵਸ਼ਰਨ ਨੂੰ ਝੂਠੇ ਕੇਸ 'ਚ ਫਸਾਉਣ ਦੇ ਕੀਤੇ ਜਾ ਰਹੇ ਯਤਨਾਂ ਵਿਰੁੱਧ ਗਵਰਨਰ ਹਾਊਸ ਵੱਲ ਰੋਹ ਭਰਪੂਰ ਮਾਰਚ ਕੀਤਾ ਗਿਆ। ਇਸ ਮੌਕੇ ਪ੍ਰਧਾਨ ਮੰਤਰੀ ਦੇ ਨਾਂਅ ਭੇਜੇ ਗਏ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਜਿਣਸੀ ਸ਼ੋਸ਼ਣ ਦੇ ਦੋਸ਼ਾਂ ਤਹਿਤ ਦੋ ਮੁਕੱਦਮਿਆਂ ਚ ਨਾਮਜ਼ਦ ਭਾਜਪਾ ਦੇ ਸੰਸਦ ਮੈਂਬਰ ਅਤੇ ਕੁਸ਼ਤੀ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਬਿਰਜ ਭੂਸ਼ਣ ਨੂੰ ਗਿਰਫ਼ਤਾਰ ਕੀਤਾ ਜਾਵੇ,ਜੰਤਰ ਮੰਤਰ ਤੇ ਧਰਨਾ ਦੇ ਰਹੀਆਂ ਮਹਿਲਾ ਪਹਿਲਵਾਨਾ ਦੁਆਲੇ ਕੀਤੀ ਪੁਲਿਸ ਦੀ ਘੇਰਾਬੰਦੀ ਹਟਾਈ ਜਾਵੇ, ਜਮਹੂਰੀ ਹੱਕਾਂ ਦੀ ਉਘੀ ਸ਼ਖ਼ਸੀਅਤ ਡਾਕਟਰ ਨਵਸ਼ਰਨ ਨੂੰ ਈ ਡੀ ਰਾਹੀਂ ਤੰਗ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ ਅਤੇ ਨਵਸ਼ਰਨ ਸਮੇਤ ਹੋਰਨਾਂ ਔਰਤ ਕਾਰਕੁੰਨਾਂ ਨੂੰ ਝੂਠੇ ਕੇਸ ਫਸਾਉਣ ਦੇ ਯਤਨ ਰੱਦ ਕੀਤੇ ਜਾਣ, ਗਿਰਫ਼ਤਾਰ ਕੀਤੇ ਲੋਕ ਪੱਖੀ ਬੁੱਧੀਜੀਵੀਆਂ ਤੇ ਜਮਹੂਰੀ ਹੱਕਾਂ ਦੇ ਕਾਰਕੁੰਨਾਂ ਨੂੰ ਰਿਹਾਅ ਕੀਤਾ ਜਾਵੇ ਅਤੇ ਸਭਨਾਂ ਸੰਸਥਾਵਾਂ ਅੰਦਰ ਔਰਤਾਂ ਲਈ ਸੁਰੱਖਿਅਤ ਮਾਹੌਲ ਦੀ ਗਰੰਟੀ ਕੀਤੀ ਜਾਵੇ। ਗਵਰਨਰ ਭਵਨ ਵੱਲ ਮਾਰਚ ਤੋਂ ਪਹਿਲਾਂ ਗੁਰਦੁਆਰਾ ਅੰਬ ਸਾਹਿਬ ਨੇੜੇ ਕੀਤੀ ਵਿਸ਼ਾਲ ਔਰਤ ਰੈਲੀ ਨੂੰ ਮਹਿਲਾ ਕਿਸਾਨ



ਆਗੂ ਹਰਿੰਦਰ ਬਿੰਦੂ, ਕੁਲਦੀਪ ਕੌਰ ਕੁੱਸਾ, ਮਹਿਲਾ ਖੇਤ ਮਜ਼ਦੂਰ ਆਗੂ ਪਰਮਜੀਤ ਕੌਰ ਸਲੇਮਗੜ੍ਹ ਤੋਂ ਇਲਾਵਾ ਕਮਲਜੀਤ ਕੌਰ ਬਰਨਾਲਾ, ਮਨਦੀਪ ਕੌਰ ਬਾਰਨ, ਬੀਕੇਯੂ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਜ਼ੋਰਾ ਸਿੰਘ ਨਸਰਾਲੀ ਤੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਨੇ ਸੰਬੋਧਨ ਕੀਤਾ। ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ , ਡਾ: ਨਵਸ਼ਰਨ ਦੇ ਪਰਿਵਾਰ ਦੀ ਤਰਫੋਂ ਡਾ: ਅਰੀਤ, ਉਘੇ ਰੰਗਕਰਮੀ ਡਾ: ਸਾਹਿਬ ਸਿੰਘ ਤੇ ਕੇਵਲ ਧਾਲੀਵਾਲ, ਜਮਹੂਰੀ ਅਧਿਕਾਰ ਸਭਾ ਦੇ ਸੂਬਾਈ ਆਗੂ ਬੂਟਾ ਸਿੰਘ ਮਹਿਮੂਦਪੁਰ, ਪ੍ਰਗਤੀਸ਼ੀਲ ਲੇਖਕ ਸੰਘ ਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਆਗੂ ਡਾਕਟਰ ਸੁਖਦੇਵ ਸਿਰਸਾ ਅਤੇ ਸੁਮੀਤ ਤਰਕਸ਼ੀਲ ਸੁਸਾਇਟੀ ਆਗੂ ਨੇ ਵੀ ਆਪਣੇ ਸੰਬੋਧਨ ਦੌਰਾਨ ਯਕਜਹਿਤੀ ਸੰਦੇਸ਼ ਦਿੱਤਾ।

ਬੁਲਾਰਿਆਂ ਨੇ ਆਖਿਆ ਕਿ ਸਾਡੇ ਮਰਦ ਪ੍ਰਧਾਨ ਸਮਾਜ ਵਿਚ ਭਾਵੇਂ ਸਦੀਆਂ ਤੋਂ ਹੀ ਔਰਤ ਵਰਗ ਧੱਕੇ , ਜ਼ਬਰ , ਜਿਣਸੀ ਸ਼ੋਸ਼ਣ ਤੇ ਨਾਬਰਾਬਰੀ ਵਰਗੀਆਂ ਅਨੇਕਾਂ ਅਲਾਮਤਾਂ ਦਾ ਸ਼ਿਕਾਰ ਹੈ ਪਰ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਵੱਲੋਂ ਸੱਤਾ ਸੰਭਾਲਣ ਤੋਂ ਬਾਅਦ ਔਰਤਾਂ ਨਾਲ ਅਨਿਆਂ, ਜਬਰ ਜ਼ਿਨਾਹ ਤੇ ਵਧੀਕੀਆਂ ਦੇ ਮਾਮਲੇ ਆਏ ਦਿਨ ਸਿਖਰਾਂ ਛੋਹ ਰਹੇ ਹਨ।

ਇਨਸਾਫ਼ ਦੇਣ ਦੀ ਥਾਂ ਹਕੂਮਤ ਵੱਲੋਂ ਦੋਸ਼ੀ ਬਿਰਜ ਭੂਸ਼ਣ ਦੀ ਪੁਸ਼ਤਪਨਾਹੀ ਕੀਤੀ ਜਾ ਰਹੀ ਹੈ ਜਿਸ ਕਾਰਨ ਨਾਮਜ਼ਦ ਦੋਸ਼ੀ ਵੱਲੋਂ ਮਹਿਲਾ ਪਹਿਲਵਾਨਾਂ ਖਿਲਾਫ ਆਏ ਦਿਨ ਘਟੀਆ ਬਿਆਨਬਾਜ਼ੀ ਕੀਤੀ ਜਾ ਰਹੀ ਹੈ। ਉਹਨਾਂ ਡਾਕਟਰ ਨਵਸ਼ਰਨ ਸਮੇਤ ਹੋਰਨਾਂ ਔਰਤ ਕਾਰਕੁੰਨਾਂ ਤੋਂ ਹੱਥ ਪਰੇ ਰੱਖਣ ਦੀ ਚਿਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਮੋਦੀ ਸਰਕਾਰ ਬਾਜ਼ ਨਾ ਆਈ ਤਾਂ ਸਾਂਝੇ ਤੇ ਵਿਸ਼ਾਲ ਸੰਘਰਸ਼ ਦਾ ਸੇਕ ਝੱਲਣ ਲਈ ਤਿਆਰ ਰਹੇ।

## ਅੱਜ ਨਾਮਾ >>

ਨਵੀਂ ਬਿਲਡਿੰਗ ਬਣਾਈ ਸਰਕਾਰ ਕੇਂਦਰ,
ਕਰਿਆ ਉਹਦਾ ਫਿਰ ਗ੍ਰਹਿ ਪ੍ਰਵੇਸ਼ ਭਾਈ।
ਕੀਤਾ ਸਰਕਾਰ ਨੇ ਜਸ਼ਨ ਹੈ ਬੜਾ ਏਧਰ,
ਪਾਜ਼ਿਟਿਵ ਖਾਤਾ ਵੀ ਕੀਤੜਾ ਪੇਸ਼ ਭਾਈ।
ਦਾਅਵਾ ਕੀਤਾ ਕਿ ਲੋਕ ਹਨ ਨਾਲ ਉਹਦੇ,
ਕਰਦੀ ਪਹਿਲਾਂ ਜਿਉਂ ਰਹੀ ਹਮੇਸ਼ ਭਾਈ।
ਵਿਰੋਧੀ ਧਿਰ ਵੀ ਓਧਰ ਆ ਗਿਲ੍ਹੇ ਕਰਦੀ,
ਆਪਣੇ ਨਾਲ ਉਹ ਦੱਸ ਰਹੀ ਦੇਸ਼ ਭਾਈ।
ਅਗਲੇ ਸਾਲ ਵਿੱਚ ਲੋਕਾਂ ਨੇ ਚੋਣ ਕਰਨੀ,
ਸੌਂਪਣੀ ਦੇਸ਼ ਦੀ ਕੀਹਨੂੰ ਹੈ ਵਾਗ ਭਾਈ।
ਨਿੱਤ ਦਿਨ ਭੇੜ ਜੋ ਦਿੱਸਦਾ ਪਿਆ ਹੁੰਦਾ,
ਅਗਲੇ ਸਾਲ ਲਈ ਕੁੱਲਖਟਰਾਗ ਭਾਈ।

**ਤੀਸ ਮਾਰ ਖਾਂ**

## ਟੈੱਡ ਸੂ ਵੀ ਓਨਟਾਰੀਓ ਲਿਬਰਲ ਲੀਡਰਸ਼ਿਪ ਦੌੜ ਵਿੱਚ ਹੋਏ ਸ਼ਾਮਲ

ਪੰਨਾ 1 ਦਾ ਬਾਕੀ

ਇਨ੍ਹਾਂ ਤੋਂ ਇਲਾਵਾ ਫੈਡਰਲ ਐਮਪੀ ਤੇ ਸਾਬਕਾ ਪ੍ਰੋਵਿੰਸ਼ੀਅਲ ਕੈਬਨਿਟ ਮੰਤਰੀ ਯਾਸਿਰ ਨਕਵੀ, ਡੌਨ ਵੈਲੀ ਵੈਸਟ ਤੋਂ ਐਮਪੀਪੀ ਸਟੈਫਨੀ ਬੋਅਮੈਨ ਤੇ ਡੌਨ ਵੈਲੀ ਈਸਟ ਤੋਂ ਐਮਪੀਪੀ ਆਦਿਲ ਸ਼ਾਮਜੀ ਵੀ ਲੀਡਰਸ਼ਿਪ ਦੌੜ ਵਿੱਚ ਹਿੱਸਾ ਲੈਣ ਲਈ ਦਿਲਚਸਪੀ ਵਿਖਾ ਚੁੱਕੇ ਹਨ। ਓਨਟਾਰੀਓ ਦੇ ਲਿਬਰਲਾਂ ਵੱਲੋਂ 2 ਦਸੰਬਰ ਨੂੰ ਆਪਣੇ ਨਵੇਂ ਆਗੂ ਦਾ ਐਲਾਨ ਕੀਤਾ ਜਾਵੇਗਾ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਸਾਈਕਲਿਸਟ ਦੀ ਹੋਈ ਮੌਤ



ਇਟੋਬੀਕੋ, 28 ਮਈ (ਪੋਸਟ ਬਿਊਰੋ) : ਇਟੋਬੀਕੋ ਵਿੱਚ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਸਾਈਕਲਿਸਟ ਦੀ ਮੌਤ ਹੋ ਗਈ।

ਪੁਲਿਸ ਨੇ ਦੱਸਿਆ ਕਿ ਐਤਵਾਰ ਨੂੰ ਸ਼ਾਮੀਂ 7:30 ਵਜੇ ਤੋਂ ਠੀਕ ਪਹਿਲਾਂ ਉਨ੍ਹਾਂ ਨੂੰ ਸਕਾਰਲੈੱਟ ਰੋਡ ਤੇ ਬ੍ਰੇਬਰਨ ਐਵਨਿਊ ਇਲਾਕੇ ਵਿੱਚ ਹਾਦਸੇ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਪੁਲਿਸ ਅਨੁਸਾਰ ਹਾਦਸੇ ਦਾ ਸ਼ਿਕਾਰ ਹੋਏ ਪੁਰਸ਼ ਸਾਈਕਲਿਸਟ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਮ੍ਰਿਤਕ ਦੀ ਉਮਰ ਦੇ ਸਬੰਧ ਵਿੱਚ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ।

ਜਿਸ ਗੱਡੀ ਵੱਲੋਂ ਸਾਈਕਲ ਨੂੰ ਟੱਕਰ ਮਾਰੀ ਗਈ ਸੀ, ਉਸ ਦਾ ਡਰਾਈਵਰ ਮੌਕੇ ਉੱਤੇ ਹੀ ਮੌਜੂਦ ਰਿਹਾ।

## ਲਾਪਤਾ ਬੱਚੇ ਦੀ ਹੋਈ ਮੌਤ



ਓਨਟਾਰੀਓ, 28 ਮਈ (ਪੋਸਟ ਬਿਊਰੋ) : ਵੀਰਵਾਰ ਰਾਤ ਨੂੰ ਓਨਟਾਰੀਓ ਤੋਂ ਲਾਪਤਾ ਹੋਣ ਤੋਂ ਬਾਅਦ ਇੱਕ ਬੱਚਾ ਮ੍ਰਿਤਕ ਪਾਇਆ ਗਿਆ।

ਵੀਰਵਾਰ ਨੂੰ ਸ਼ਾਮੀਂ 5:20 ਤੋਂ ਪਹਿਲਾਂ ਕੋਬਰਗ ਦੇ ਉੱਤਰ ਵਿੱਚ ਹੈਮਿਲਟਨ ਟਾਊਨਸ਼ਿਪ ਦੇ ਇੱਕ ਘਰ ਤੋਂ ਇੱਕ ਬੱਚੇ ਦੇ ਲਾਪਤਾ ਹੋਣ ਦੀ ਕਾਲ ਨੌਰਥੰਬਰਲੈਂਡ ਕਾਊਂਟੀ, ਓਨਟਾਰੀਓ ਵਿੱਚ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਨੂੰ ਮਿਲੀ। ਪਰ ਪੁਲਿਸ ਨੇ ਦੱਸਿਆ ਕਿ ਬੱਚਾ ਘਰ ਵਿੱਚ ਹੀ ਮ੍ਰਿਤਕ ਪਾਇਆ ਗਿਆ। ਬੱਚੇ ਦੀ ਮੌਤ ਦੇ ਕਾਰਨ ਦਾ ਪਤਾ ਨਹੀਂ ਲੱਗ ਸਕਿਆ।

ਜਿਸ ਘਰ ਵਿੱਚ ਬੱਚੇ ਦੀ ਮੌਤ ਹੋਈ ਉੱਥੇ ਮੌਤ ਦੇ ਸਬੰਧ ਵਿੱਚ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮਾਮਲੇ ਦੀ ਜਾਂਚ ਨੌਰਥੰਬਰਲੈਂਡ ਓਪੀਪੀ ਕ੍ਰਾਈਮ ਯੂਨਿਟ ਤੇ ਸੈਂਟਰਲ ਰੀਜਨ ਫੋਰੈਂਸਿਕ ਆਇਡੈਂਟੀਫਿਕੇਸ਼ਨ ਸਰਵਿਸਿਜ਼ (ਐਫਆਈਐਸ) ਵੱਲੋਂ ਕੀਤੀ ਜਾ ਰਹੀ ਹੈ। ਇਸ ਦੇ ਨਿਰਦੇਸ਼ ਓਪੀਪੀ ਦੀ ਕ੍ਰਿਮੀਨਲ ਇਨਵੈਸਟੀਗੇਸ਼ਨ ਬ੍ਰਾਂਚ ਵੱਲੋਂ ਦਿੱਤੇ ਗਏ ਹਨ ਤੇ ਇਸ ਵਿੱਚ ਆਫਿਸ ਆਫ ਦ ਚੀਫ ਕੌਰੋਨਰ ਫੌਰ ਓਨਟਾਰੀਓ ਵੱਲੋਂ ਮਦਦ ਕੀਤੀ ਜਾ ਰਹੀ ਹੈ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਾਹਮਣੇ ਆਣ ਡਿੱਗਦੀਆਂ ਤੇ ਪਤਾ ਨਹੀਂ ਕੀ-ਕੀ ਕੁਝ ਕਹੀ ਜਾਂਦੀਆਂ ਹਨ ਖਬਰਾਂ!



ਜਤਿੰਦਰ ਪੰਨੂ

ਲੰਮੇ ਸਮੇਂ ਤੋਂ ਲਗਾਤਾਰ ਬਿਨਾਂ ਨਾਗਾ ਖਬਰਾਂ ਨਾਲ ਵਾਸਤਾ ਰਹਿਣ ਕਰ ਕੇ ਅੱਜਕੱਲ੍ਹ ਹਰ ਸਵੇਰ ਨਹੀਂ, ਹਰ ਪਲ ਅਤੇ ਹਰ ਘੜੀ ਕਿਸੇ ਵੀ ਹੋਰ ਗੱਲ ਤੋਂ ਵੱਧ ਧਿਆਨ ਖਬਰਾਂ ਵੱਲ ਰੱਖਣ ਦੀ ਆਦਤ ਪੱਕ ਗਈ ਹੈ। ਖਬਰਾਂ ਦੀ ਦੁਨੀਆ ਪਹਿਲਾਂ ਵਾਲੀ ਨਹੀਂ ਰਹਿ ਗਈ, ਸੰਸਾਰ ਦੇ ਕਿਸੇ ਵੀ ਖੂੰਜੇ ਵਿੱਚ ਹੋਈ ਕਿਸੇ ਘਟਨਾ ਜਾਂ ਦੁਰਘਟਨਾ ਬਾਰੇ ਖਬਰ ਅਗਲੇ ਕੁਝ ਪਲਾਂ ਵਿੱਚ ਸਾਰੀ ਦੁਨੀਆ ਦੇ ਲੋਕਾਂ ਤੀਕ ਪਹੁੰਚ ਜਾਂਦੀ ਹੈ। ਬਹੁਤ ਸਾਰੇ ਲੋਕ ਸੁਣਦੇ ਅਤੇ ਨਾਲ ਹੀ ਭੁਲਾ ਦੇਣ ਦੀ ਆਦਤ ਵਾਲੇ ਹੁੰਦੇ ਹਨ ਅਤੇ ਇਸੇ ਕਰ ਕੇ ਦਿਮਾਗੀ ਖਿਚਾਅ ਤੋਂ ਬਚੇ ਰਹਿੰਦੇ ਹਨ, ਪਰ ਜਿਹੜੇ ਲੋਕ ਖਬਰਾਂ ਪਿੱਛੇ ਛੁਪੀ ਸੱਚਾਈ ਤੇ ਕਾਰਨਾਂ ਨੂੰ ਜਾਣਨ ਦੀ ਇੱਛਾ ਰੱਖਣ ਵਾਲੇ ਹਨ, ਉਹ ਹਰ ਖਬਰ ਦੇ ਬਾਅਦ ਕਈ ਦੇਰ ਤੱਕ ਉਸ ਖਬਰ ਦੇ ਚੰਗੇ ਜਾਂ ਮਾੜੇ ਪੱਖ ਦੇ ਅਸਰ ਹੇਠੋਂ ਨਹੀਂ ਨਿਕਲ ਸਕਦੇ। ਇਸ ਦੇ ਬਾਵਜੂਦ ਪੱਤਰਕਾਰੀ ਖੇਤਰ ਵਿੱਚ ਸਾਡੇ ਵਰਗੇ ਲੋਕਾਂ ਦੀ ਮਜਬੂਰੀ ਹੁੰਦੀ ਹੈ ਕਿ ਪਲ-ਪਲ ਦੀ ਖਬਰ ਰੱਖੀਏ ਤੇ ਫਿਰ ਇਸ ਦਾ ਤਨਾਅ ਵੀ ਭੁਗਤਦੇ ਰਹੀਏ।

ਪਾਠਕਾਂ ਲਈ ਆਪਣੀ ਹਫਤਵਾਰੀ ਲਿਖਤ ਵਾਸਤੇ ਇਸ ਵਾਰੀ ਅਸੀਂ ਜਦੋਂ ਕਲਮ ਚੁੱਕਣ ਲੱਗੇ ਤਾਂ ਸਾਹਮਣੇ ਪਏ ਅਖਬਾਰਾਂ ਦੀਆਂ ਖਬਰਾਂ ਫਿਰ ਘੇਰਾ ਪਾ ਕੇ ਇਹ ਕਹਿੰਦੀਆਂ ਜਾਪਣ ਲੱਗ ਪਈਆਂ ਕਿ ਉਨ੍ਹਾਂ ਵਿੱਚੋਂ ਕਿਹੜੀ ਛੱਡਣ ਵਾਲੀ ਹੈ ਤੇ ਕਿਹੜੀ ਰਹਿ ਗਈ ਤਾਂ ਬੇਇਨਸਾਫੀ ਹੋਵੇਗੀ! ਇਸ ਖਿੱਚੋਤਾਣ ਵਿੱਚ ਅਸੀਂ ਹੋਰ ਸਭ ਕੁਝ ਤੋਂ ਪਹਿਲਾਂ ਇਹ ਖਬਰ ਚੁੱਕੀ ਕਿ ਸਰਕਾਰਾਂ ਤੋਂ ਮਿਲੀਆਂ ਛੋਟਾਂ ਦੀਆਂ ਪੰਡਾਂ ਨਾਲ ਦਿਨ ਕੱਟਣ ਦੀ ਆਦਤ ਪਾਈ ਜਾਂਦੇ ਲੋਕਾਂ ਵਿੱਚ ਨਵਾਂ ਰੁਝਾਨ ਇਹ ਵਧਦਾ ਜਾਂਦਾ ਹੈ ਕਿ ਜਿਨ੍ਹਾਂ ਦੇ ਘਰਾਂ ਵਿੱਚ ਕਿਸੇ ਤਰ੍ਹਾਂ ਦੀ ਕਮੀ-ਕਮਜ਼ੋਰੀ ਨਹੀਂ, ਉਹ ਵੀ ਨਿਤਾਣੇ ਤੇ ਗਰੀਬ ਜਿਹੇ ਬਣ ਕੇ ਇਨ੍ਹਾਂ ਛੋਟਾਂ ਦਾ ਨਾਜਾਇਜ਼ ਲਾਭ ਲਈ ਜਾਂਦੇ ਹਨ। ਇਸੇ ਦੀ ਇੱਕ ਮਿਸਾਲ ਹੈ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਪਿੱਛੋਂ ਨਵੀਂ ਸਰਕਾਰ ਨੇ ਜਾਂਚ ਕਰਵਾਈ ਤਾਂ ਭੇਦ ਖੁੱਲ੍ਹਾ ਕਿ ਪੰਜਾਬ ਵਿੱਚਸਸਤੇ ਰਾਸ਼ਨ ਦੇ ਚਾਲੀ ਲੱਖ ਅਠਾਹਠ ਹਜ਼ਾਰ ਕਾਰਡਾਂ ਵਿੱਚੋਂ ਤਿੰਨ ਲੱਖ ਤੀਹ ਹਜ਼ਾਰ ਤੋਂ ਵੱਧ ਨਾਜਾਇਜ਼ ਬਣਾਏ ਗਏ ਸਨ। ਭਾਰਤ ਸਰਕਾਰ ਸਪੱਸ਼ਟ ਕਹਿ ਚੁੱਕੀ ਸੀ ਕਿ ਜਾਅਲੀ ਕਾਰਡਾਂ ਲਈ ਰਾਸ਼ਨ ਨਹੀਂ ਦੇਣਾ ਅਤੇ ਇਸ ਫੈਸਲੇ ਪਿੱਛੋਂ ਰਾਜ ਸਰਕਾਰ ਦੇ ਨਹੀਂ ਸਕਦੀ। ਪਿਛਲੇ ਸਾਲ ਹੁਸ਼ਿਆਰਪੁਰ ਵਿੱਚ ਲਗਜ਼ਰੀ ਕਾਰ ਉੱਤੇ ਇੱਕ ਬੰਦਾ ਸਸਤੇ ਭਾਅ ਦਾ ਰਾਸ਼ਣ ਲੈਣ ਲਈ ਡੀਪੂ ਵਾਲੇ ਕੋਲ ਆਇਆ ਤਾਂ ਉਹ ਫੋਟੋ ਅਖਬਾਰਾਂ ਵਿੱਚਵੀ ਆਈਅਤੇਟੀ ਵੀ ਚੈਨਲਾਂ ਉੱਤੇ ਲੋਕਾਂ ਨੇ ਵੇਖੀ ਸੀ। ਇਸ ਮਈ ਵਿੱਚ ਇੱਕ ਦਿਨ ਖਬਰ ਆਈ ਕਿ ਸੈਂਕੜਿਆਂ ਦੀ ਗਿਣਤੀ ਵਿੱਚ ਮਰ ਚੁੱਕੇ ਲੋਕਾਂ ਦਾ ਰਾਸ਼ਨ ਪੰਜਾਬ ਵਿੱਚ ਜਾਰੀ ਹੋ ਰਿਹਾ ਹੈ ਅਤੇ ਏਥੇ ਮ੍ਰਿਤਕਾਂ ਦੀ ਪੈਨਸ਼ਨ ਵੀ ਲਗਾਤਾਰ ਚੱਲਦੀ ਹੈ। ਮੁਕਤਸਰ ਜ਼ਿਲੇ ਵਿੱਚ ਪੈਨਸ਼ਨ ਲੈਣ ਆਈ ਔਰਤ ਉੱਤੇ ਇੱਕ ਬੈਂਕ ਮੈਨੇਜਰ ਨੂੰ ਸ਼ੱਕ ਪੈ ਗਿਆ ਤਾਂ ਉਸ ਦੇ ਪਿੰਡ ਦੇ ਸਰਪੰਚ ਨੂੰ ਫੋਨ ਉੱਤੇ ਪੁੱਛ ਲਿਆ ਅਤੇ ਅੱਗੋਂ ਸਰਪੰਚ ਨੇ ਦੱਸਿਆ ਕਿ ਉਸ ਔਰਤ ਦੀ ਮੌਤ ਹੋ ਚੁੱਕੀ ਹੈ। ਫਿਰ ਸਰਪੰਚ ਓਥੇ ਆ ਗਿਆ। ਉਸ ਔਰਤ ਨੂੰ ਪੁਲਸ ਨੇ ਫੜਿਆ ਤਾਂ ਉਸ ਨੇ ਦੋ ਨੌਜਵਾਨ ਫੜਾ ਦਿੱਤੇ, ਜਿਹੜੇ ਉਸ ਜਵਾਨ ਔਰਤਨੂੰ 'ਬੇਬੇ' ਬਣਾ ਕੇ ਪੈਨਸ਼ਨ ਲੈਣ ਆਏ ਅਤੇ ਬੈਂਕ ਦੇ ਬਾਹਰ ਖੜੇ ਸਨ।

ਮਨ ਇਸ ਖਬਰ ਨੇ ਖਰਾਬ ਕੀਤਾ ਤਾਂ ਦੂਸਰੀ ਖਬਰ ਨਾਲ ਲੱਗਦੇ ਹਰਿਆਣੇ ਦੀ ਸਾਹਮਣੇ ਆ ਗਈ ਕਿ ਕਰੀਬ ਬਾਰਾਂ ਸਾਲ ਪਹਿਲਾਂ ਓਥੇ ਜਾਅਲੀ ਪੈਨਸ਼ਨਾਂ ਦਾ ਇੱਕ ਘੋਟਾਲਾ ਹੋਇਆ ਸੀ, ਉਸ ਦੀ ਜਾਂਚ ਇਸ ਹਫਤੇ ਕੇਂਦਰ ਦੀ ਜਾਂਚ ਏਜੰਸੀ ਸੀ ਬੀ ਆਈ ਨੂੰ ਸੌਂਪੀ ਗਈ ਹੈ। ਖਬਰ ਦਾ ਸਾਰ ਕਹਿੰਦਾ ਹੈ ਕਿ ਜਦੋਂ ਇਹ ਘੋਟਾਲਾ ਹੋਇਆ ਤਾਂਓਥੇ ਕਾਂਗਰਸ ਦੇ ਭੁਪਿੰਦਰ ਸਿੰਘ ਹੁਡਾ ਦੀ ਸਰਕਾਰ ਸੀ, ਇਹ ਸਾਰਾ ਕੁਝ ਉਸ ਦੇ ਬੰਦਿਆਂ ਨੇ ਕੀਤਾ ਸੀ ਤੇ ਜ਼ਿੰਮੇਵਾਰੀ ਉਸ ਦੇ ਸਿਰ ਵੀ ਆਉਂਦੀ ਹੈ। ਸਵਾਲ ਇਹ ਸੀ ਕਿ ਫਿਰ ਇਹ ਮੁੱਦਾ ਬਾਰਾਂ ਸਾਲ ਦੱਬਿਆ ਕਿਉਂ ਰਿਹਾ ਅਤੇ ਏਨੇ ਸਾਲਾਂ ਪਿੱਛੋਂ ਕੱਢਣ ਦੀ ਨੌਬਤ ਕਿਉਂ ਆਈ! ਕਾਰਨ ਇਹ ਕਿ ਪਹਿਲਾਂ ਕਾਂਗਰਸ ਮਰੀ ਹੋਣ ਕਾਰਨ ਕੇਸ ਖੋਲ੍ਹਣ ਦੀ ਲੋੜ ਨਹੀਂ ਸੀ, ਅਗਲੇ ਸਾਲ ਦੀਆਂ ਚੋਣਾਂ ਨੇੜੇ ਆਉਣ ਅਤੇ ਕਾਂਗਰਸ ਅੱਗੇ ਵਧਦੀ ਵੇਖ ਕੇ ਕਾਂਗਰਸੀ ਆਗੂਆਂ ਦੇ ਗਲ਼ ਰੱਸਾ ਪਾਉਣ ਦੀ ਲੋੜ ਪੈ ਗਈ ਹੈ। ਉਨ੍ਹਾਂ ਨੇ ਕੀਤਾ ਹੈ ਤਾਂ ਭੁਗਤਣਗੇ। ਉਨ੍ਹਾਂ ਤੋਂ ਪਹਿਲਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਏਸੇ ਤਰ੍ਹਾਂ ਜੇ ਬੀ ਟੀ ਟੀਚਰਾਂ ਦੀ ਭਰਤੀ ਦੇ ਸਕੈਂਡਲ ਵਿੱਚ ਫਸ ਕੇ ਦਸ ਸਾਲ ਜੇਲ੍ਹ ਵਿੱਚ ਕੱਟ ਆਇਆ ਹੈ। ਅੱਜ ਉਹ ਵੀ ਕਾਂਗਰਸ ਦੇ ਭ੍ਰਿਸ਼ਟਾਚਾਰ ਦੀ ਅਸਲੀ ਗੱਲ ਕਰ ਕੇ ਆਪਣੇ ਵਕਤ ਦੇ ਕਾਲੇ ਦੌਰ ਨੂੰ ਢੱਕਣ ਦੀ ਕੋਸ਼ਿਸ਼ ਕਰ ਸਕਦਾ ਹੈ।

ਤੀਸਰੀ ਖਬਰ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੀ ਹੈ। ਸਾਨੂੰ ਸਾਰਿਆਂ ਨੂੰ ਯਾਦ ਹੈ ਕਿ ਕਈ ਹਫਤੇ ਪਹਿਲਾਂ ਇੱਕ ਅਫਰੀਕੀ ਦੇਸ਼ ਵਿੱਚ ਭਾਰਤ ਤੋਂ ਗਈ ਦਵਾਈ ਨਾਲ ਕਈ ਬੱਚੇ ਮਰ ਜਾਣ ਦੀ ਖਬਰ ਆਈ ਸੀ। ਉਸ ਬਾਰੇ ਪਹਿਲਾਂ ਤਾਂ ਭਾਰਤ ਸਰਕਾਰ ਨੇ ਜ਼ਿੰਮੇਵਾਰੀ ਲੈਣ ਤੋਂ ਬਚਣਾ ਚਾਹਿਆ, ਪਰ ਜਦੋਂ ਵਿਸ਼ਵ ਸਿਹਤ ਸੰਗਠਨ ਨੇ ਇਹ ਸਾਫ ਕਹਿ ਦਿੱਤਾ ਕਿ ਮੌਤਾਂ ਦਾ ਕਾਰਨ ਭਾਰਤ ਤੋਂ ਗਈ ਦਵਾਈ ਸੀ ਤਾਂ ਹਰਿਆਣੇ ਦੀ ਉਹ ਕੰਪਨੀ ਬੰਦ ਕਰਨੀ ਪਈ। ਬਹੁਤਾ ਸਮਾਂ ਨਹੀਂ ਸੀ ਬੀਤਿਆ ਕਿ ਏਦਾਂ ਦੀ ਘਟਨਾ ਉਜ਼ਬੇਕਿਸਤਾਨ ਵਿੱਚ ਵਾਪਰ ਗਈ ਅਤੇ ਓਥੇ ਜਿਸ ਦੂਸਰੀ ਕੰਪਨੀ ਦੀ ਦਵਾਈ ਭੇਜੀ ਸੀ, ਫਿਰ ਉਹ ਵੀ ਬੰਦ ਕਰਨੀ ਪਈ। ਤਾਜ਼ਾ ਖਬਰ ਹਿਮਾਚਲ ਪ੍ਰਦੇਸ਼ ਦੀ ਹੈ ਕਿ ਰਾਜ ਸਰਕਾਰ ਨੇ ਓਥੋਂ ਦੀਆਂ ਗਿਆਰਾਂ ਦਵਾਈ ਕੰਪਨੀਆਂ ਨੂੰ ਦਵਾਈਆਂ ਦਾ ਉਤਪਾਦਨ ਕਰਨਾ ਬੰਦ ਕਰਨ ਦਾ ਹੁਕਮ ਦਿੱਤਾ ਹੈ। ਪ੍ਰਮੁੱਖ ਸ਼ਹਿਰ ਸੋਲਨ ਵਿਚਲੀ ਇੱਕ ਕੰਪਨੀ ਦੇ ਮਾਲਕਾਂ ਦੀ ਗ੍ਰਿਫਤਾਰੀ ਵੀ ਹੋਈ ਹੈ। ਖਬਰ ਦਾ ਵੇਰਵਾ ਕਹਿੰਦਾ ਹੈ ਕਿ ਓਥੇ ਦਵਾਈਆਂ ਦੀਆਂ ਉਨੱਤੀ ਕੰਪਨੀਆਂ ਦੇ ਮਾਲ ਵਿੱਚੋਂ ਸੈਂਪਲ ਭਰੇ ਗਏ ਤੇ ਗਿਆਰਾਂ ਕੰਪਨੀਆਂ ਨਾਲ ਸੰਬੰਧਤ ਛੇਹੱਤਰ ਸੈਂਪਲਾਂ ਦੀ ਰਿਪੋਰਟ ਬੇਹੱਦ ਘਟੀਆ ਆਈ ਹੋਣ ਕਾਰਨ ਇਹ ਸਾਰੀਆਂ ਬੰਦ ਕਰਨੀਆਂ ਪਈਆਂ ਹਨ। ਸੋਲਨ ਵਾਲੀ ਕੰਪਨੀ ਦਾ ਕੇਸ ਕੁਝ ਵੱਖਰਾ ਹੈ। ਓਥੋਂ ਦੀ ਦਵਾਈ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪਾਰਲੀਮੈਂਟਰੀ ਚੋਣ ਹਲਕੇ ਵਾਰਾਣਸੀ ਵਿੱਚ ਪਹੁੰਚੀ ਤਾਂ ਇਸ ਦਾ ਮਾੜਾ ਪ੍ਰਭਾਵ ਪੈਣ ਮਗਰੋਂ ਜਦੋਂ ਉੱਤਰ ਪ੍ਰਦੇਸ਼ ਦੇ ਸਿਹਤ ਮਹਿਕਮੇ ਨੇ ਚੈੱਕ ਕਰਵਾਈ ਤਾਂ ਇਸ ਵਿੱਚ ਬਲੈਕ ਬੋਰਡ ਉੱਤੇ ਲਿਖਣ ਵਾਲਾ ਚਾਕ ਪੀਸ-ਪੀਸ ਕੇ ਪਾਇਆ ਨਿਕਲਿਆ ਸੀ। ਕੇਸ ਖੁਦ ਪ੍ਰਧਾਨ ਮੰਤਰੀ ਦੇ ਹਲਕੇ ਦਾ ਹੋਣ ਕਰ ਕੇ ਗੱਲ ਅੱਗੇ ਵਧ ਗਈ ਅਤੇ ਕੰਪਨੀ ਮਾਲਕ ਦੀ ਗ੍ਰਿਫਤਾਰੀ ਤੱਕ ਪਹੁੰਚ ਗਈ, ਕਿਸੇ ਹੋਰ ਜਗ੍ਹਾ ਇਹੋ ਜਿਹੀ ਕੋਈ ਹਰਕਤ ਹੋਈ ਹੁੰਦੀ ਤਾਂ ਸ਼ਾਇਦ ਮਾਮਲਾ ਰਫਾ-ਦਫਾ ਕਰ ਦਿੱਤਾ ਜਾਣਾ ਸੀ। ਖੁੰਬਾਂ ਵਾਂਗ ਉੱਗੀਆਂ ਇਹ ਕੰਪਨੀਆਂ ਏਦਾਂ ਦਾ ਕੰਮ ਸਿਰਫ ਤਦੇ ਕਰ ਸਕਦੀਆਂ ਹਨ, ਜੇ ਉਨ੍ਹਾਂ ਦੀ ਸਰਕਾਰੇ-ਦਰਬਾਰੇ ਪਹੁੰਚ ਹੋਵੇ ਅਤੇ ਇਹੀ ਵੱਡਾ ਨੁਕਸ ਹੈ।

ਇੱਕ ਗੱਲ ਬਹੁਤ ਸਾਰੇ ਲੋਕਾਂ ਨੂੰ ਪਤਾ ਨਹੀਂ ਕਿ ਜਿਹੜੀ ਦਵਾਈ ਅਫਰੀਕੀ ਦੇਸ਼ ਗਾਂਬੀਆ ਜਾਂ ਉਜ਼ਬੇਕਿਸਤਾਨ ਨੂੰ ਭੇਜੀ ਗਈ ਸੀ, ਉਹ ਭਾਰਤ ਵਿੱਚ ਵੇਚਣ ਵਾਸਤੇ ਪਾਸ ਨਹੀਂ ਸੀ ਹੋਈ, ਕਿਉਂਕਿ ਉਹ ਮਨੁੱਖੀ ਇਲਾਜ ਲਈ ਵਰਤਣ ਦੇ ਯੋਗ ਨਹੀਂ ਸੀ। ਜਿਹੜੀ ਦਵਾਈ ਸਾਡੇ ਆਪਣੇ ਦੇਸ਼ ਵਿੱਚ ਵਰਤੋਂ ਦੇ ਯੋਗ ਨਹੀਂ ਸੀ, ਉਹ ਦੂਸਰੇ ਦੇਸ਼ ਨੂੰ ਭੇਜਣ ਦਾ ਲਾਇਸੈਂਸ ਦੇਣ ਲਈ ਕਿਹੜੇ ਅਧਿਕਾਰੀ ਜਾਂ ਕਿਹੜੇ ਮੰਤਰੀ ਨੇ ਕਿੰਨੇ ਹੱਥ ਰੰਗੇ ਸਨ, ਪੜਤਾਲ ਕਰਨ ਵਾਲਿਆਂ ਨੂੰ ਇਹ ਵੀ ਪਤਾ ਕਰਨਾ ਚਾਹੀਦਾ ਸੀ, ਪਰ ਇਹ ਗੱਲ ਕਦੀ ਬਾਹਰ ਨਹੀਂ ਆਈ। ਰੌਲੇ-ਗੌਲੇ ਵਿੱਚ ਜਿਹੋ ਜਿਹਾ ਮਾਲ ਬਣਦਾ ਹੈ, ਬਣਦਾ ਜਾਣ ਦਿਓ ਤੇ ਜਿੱਥੇ ਕਿਸੇ ਨੇ ਭੇਜਣਾ ਹੈ, ਉਸ ਨੂੰ ਭੇਜਦਾ ਰਹਿਣ ਦਿਉ, ਇਸ ਚਲੰਤੂ ਫਾਰਮੂਲੇ ਸਦਕਾ ਦੂਸਰੇ ਦੇਸ਼ਾਂ ਦੇ ਲੋਕਾਂ ਦੀ ਜਾਨ ਨਾਲਜਿਹੜੇ ਪੂੰਜੀਪਤੀ ਖਿਲਵਾੜ ਕਰ ਸਕਦੇ ਹਨ, ਉਹ ਲਾਲਚ ਵੱਸ ਹੋ ਕੇ ਭਾਰਤੀ ਲੋਕਾਂ ਦਾ ਲਿਹਾਜ਼ ਵੀ ਨਹੀਂ ਕਰਨ ਲੱਗੇ। ਮਾਇਆ ਦਾ ਮੋਹ ਜਦੋਂ ਬੇਸ਼ਰਮੀ ਦੇ ਰਾਹ ਪਾ ਦੇਂਦਾ ਹੈ ਤਾਂ ਉਸ ਮਗਰੋਂ ਨੋਟਾਂ ਦੀ ਚਮਕ ਦਾ ਚੁੰਧਿਆਇਆ ਬੰਦਾ ਕਿਸੇ ਵੀ ਹੱਦ ਤੱਕ ਜਾ ਸਕਦਾ ਤੇ ਕਿਸੇ ਵੀ ਵਿਅਕਤੀ ਦੇ ਖ਼ੂਨ ਨਾਲ ਆਪਣੇ ਹੱਥ ਰੰਗ ਸਕਦਾ ਹੈ। ਇਹ ਤਾਂ ਕੁਝ ਵੀ ਨਹੀਂ, ਹਾਲੇ ਪਤਾ ਨਹੀਂ ਹੋਰ ਕੀ-ਕੀ ਕਹੀ ਜਾਂਦੀਆਂ ਹਨ ਇਹ ਨਿੱਤ ਦੀਆਂ ਖਬਰਾਂ।

ਸੌ ਸਵਾਲਾਂ ਦਾ ਸਵਾਲ ਇਹ ਹੈ ਕਿ ਜਦੋਂ ਸਾਰਾ ਦੇਸ਼ ਇਸ ਕਿਸਮ ਦੀ ਧੋਖਾਧੜੀ ਤੇ ਆਰਥਿਕ ਬਦਮਾਸ਼ੀ ਦੀਆਂ ਖਬਰਾਂ ਵਿੱਚ ਉਲਝਿਆ ਪਿਆ ਹੈ ਤਾਂ ਅਮਲ ਵਿੱਚ ਉਹ ਕੰਮ ਕਦੋਂ ਤੇ ਕਿੱਦਾਂ ਹੋ ਸਕਦਾ ਹੈ, ਜਿਹੜਾ ਭਾਰਤ ਨੂੰ ਦੁਨੀਆ ਦੇ ਦੇਸ਼ਾਂ ਦੀ ਕਤਾਰ ਵਿੱਚ ਸਨਮਾਨ ਵਾਲੀ ਥਾਂ ਖੜਾ ਕਰ ਸਕਦਾ ਹੋਵੇ? ਅਸੀਂ ਲੋਕ ਇਹ ਵੇਖ ਕੇ ਖੁਸ਼ੀ ਮਨਾਈ ਜਾਂਦੇ ਹਾਂ ਕਿ ਫਲਾਣੇ ਥਾਂ ਐਨੇ ਦੇਸ਼ਾਂ ਦੀ ਮੀਟਿੰਗ ਹੋਈ ਤਾਂ ਸਾਂਝੀ ਫੋਟੋ ਖਿਚਵਾਉਣ ਵੇਲੇ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਸਾਰਿਆਂ ਦੇ ਵਿਚਾਲੇ ਖੜੋਣ ਦਾ ਥਾਂ ਦਿੱਤਾ ਗਿਆ। ਮਨਮੋਹਨ ਸਿੰਘ ਤੇ ਵਾਜਪਾਈ ਦੇ ਵਕਤ ਵੀ ਏਹੋ ਹੁੰਦਾ ਵੇਖਿਆ ਗਿਆ ਸੀ, ਇਹ ਥਾਂ ਨਰਿੰਦਰ ਮੋਦੀ ਦੇ ਆਉਣ ਨਾਲ ਭਾਰਤ ਨੂੰ ਨਹੀਂ ਮਿਲੀ, ਪਰ ਉਨ੍ਹਾਂ ਦੇ ਵਕਤ ਇਸ ਤਰ੍ਹਾਂ ਖੜੋਣ ਬਾਰੇ ਢੰਡੋਰਾ ਨਹੀਂ ਸੀ ਪਿੱਟਿਆ ਜਾਂਦਾ। ਅੱਜਕੱਲ੍ਹ ਹਰ ਗੱਲ ਦਾ ਢੰਡੋਰਾ ਪਿੱਟਿਆ ਜਾਂਦਾ ਤੇ ਦਾਅਵਾ ਕੀਤਾ ਜਾਂਦਾ ਹੈ ਕਿ ਇਸ ਤਰ੍ਹਾਂ ਭਾਰਤ ਸਾਰੇ ਸੰਸਾਰ ਦਾ ਆਗੂ, ਵਿਸ਼ਵ ਗੁਰੂ, ਬਣਨ ਵੱਲ ਵਧਦਾ ਪਿਆ ਹੈ। ਇਹ ਵਹਿਮ ਕੱਢ ਕੇ ਹਕੀਕਤ ਪਛਾਨਣੀ ਚਾਹੀਦੀ ਹੈ। ਸੰਸਾਰ ਦੇ ਵਿਕਸਤ ਦੇਸ਼ਾਂ ਵਾਲਿਆਂ ਦੀ ਨੀਤੀ ਨਾ ਮਨਮੋਹਨ ਸਿੰਘ ਅਤੇ ਵਾਜਪਾਈ ਵਰਗੇ ਆਗੂਆਂ ਨੂੰ ਵਿਸ਼ਵ ਗੁਰੂ ਮੰਨਣ ਦੀ ਸੀ, ਨਾ ਇਸ ਵਕਤ ਉਨ੍ਹਾਂ ਦੇ ਮਨਾਂ ਵਿੱਚ ਇਹ ਸੋਚ ਹੈ, ਅਸਲ ਗੱਲ ਇਹ ਹੈ ਕਿ ਭਾਰਤ ਦੇ ਇੱਕ ਸੌ ਚਾਲੀ ਕਰੋੜ ਲੋਕਾਂ ਨੂੰ ਉਹ ਲੋਕ ਨਹੀਂ ਮੰਨਦੇ, ਇੱਕ ਸੌ ਚਾਲੀ ਕਰੋੜ ਗ੍ਰਾਹਕ ਸਮਝਦੇ ਹਨ। ਗ੍ਰਾਹਕਾਂ ਦੀ ਵੱਡੀ ਮੰਡੀ ਵਰਗੇ ਦੇਸ਼ ਦੇ ਮੁਖੀ ਨੂੰ ਉਹ ਆਪਣਾ ਆਗੂ ਮੰਨਣ ਦੀ ਭੁੱਲ ਨਹੀਂ ਕਰਦੇ, ਭਾਰਤ ਦੀ ਮੰਡੀ ਵਿੱਚ ਆਪਣਾ ਮਾਲ ਵੇਚਣ ਵਾਸਤੇ ਇੱਕ ਦੂਸਰੇ ਨੂੰ ਮੋਢੇ ਮਾਰ ਕੇ ਅੱਗੇ ਲੰਘਣ ਦਾ ਯਤਨ ਕਰਦੇ ਹਨ ਤੇ ਅਸੀਂ ਇਸ ਨਾਲ ਉਸ ਮਾਣ ਦਾ ਅਹਿਸਾਸ ਕਰਨ ਲੱਗ ਪੈਂਦੇ ਹਾਂ, ਜੋ ਅਸਲੀ ਸਨਮਾਨਾਂ ਤੋਂ ਵੱਡਾ ਜਾਪਦਾ ਹੈ। ਕਾਰੋਬਾਰੀ ਵਿਹਾਰ ਦੇ ਈਮਾਨ ਤੇ ਅਸੂਲਾਂ ਦੀ ਰਾਜਨੀਤੀ ਤੋਂ ਸੱਖਣੀ ਤੇ ਸਿਰਫ ਮੀਡੀਏ ਵਿੱਚ ਬੱਲੇ-ਬੱਲੇ ਹੁੰਦੀ ਵੇਖਣਦੀ ਮਾਨਸਿਕਤਾ ਨਾਲ ਵਿਸ਼ਵ-ਗੁਰੂ ਦੇ ਰੁਤਬੇ ਨਹੀਂ ਮਿਲਦੇ ਹੁੰਦੇ, ਹਵਾਈ ਗੁਬਾਰੇ ਵਿੱਚ ਜਿਸ ਦਿਨ ਸੂਈ ਚੁਭ ਗਈ ਤਾਂ ਸੁਫਨਾ ਟੁੱਟ ਜਾਵੇਗਾ।

ਜਿਨ੍ਹਾਂ ਦੇਸ਼ਾਂ ਦੇ ਹਾਕਮਾਂ ਨਾਲ ਖੜੋ ਕੇ ਵਿਸ਼ਵ ਗੁਰੂ ਬਣਨ ਦੇ ਸੁਫਨੇ ਸੰਜੋਏ ਜਾਂਦੇ ਹਨ, ਉਨ੍ਹਾਂ ਵਾਂਗ ਧੋਖਾਧੜੀ ਤੇ ਕਾਰੋਬਾਰ ਵਿੱਚ ਬੇਈਮਾਨੀ ਦਾ ਅਮਲ ਰੋਕਣ ਵੱਲ ਮੂੰਹ ਕਰਨਾ ਚਾਹੀਦਾ ਹੈ, ਪਰ ਉਹ ਕੀਤਾ ਨਹੀਂ ਜਾਂਦਾ। ਦੇਸ਼ ਵਿਚਲੇ ਹਾਲਾਤ ਵਿੱਚ ਉਹ ਸੁਖਾਵਾਂ ਦਿਨ ਆਉਣ ਤੱਕ ਸਾਡੇ ਜ਼ਿੰਮੇ ਇਨ੍ਹਾਂ ਖਬਰਾਂ ਨੂੰ ਪੜ੍ਹੀ ਜਾਣ ਦਾ ਕੰਮ ਹੈ, ਉਹੀ ਖਬਰਾਂ ਪੜ੍ਹੀ ਜਾਣ ਦਾ, ਜਿਹੜੀਆਂ ਬਦੋ-ਬਦੀ ਸਾਹਮਣੇ ਆਣ ਡਿੱਗਦੀਆਂ ਤੇ ਪਤਾ ਨਹੀਂ ਕੀ-ਕੀ ਕੁਝ ਕਹੀ ਜਾਂਦੀਆਂ ਹਨ।

# ਸੱਚ ਤੇ ਵਿਚਾਰ: ਮੌਤ ਵੀ ਬਣੇਗੀ ਕੰਪਨੀਆਂ ਦੇ ਲਾਭਕਾਰੀ ਕਾਰੋਬਾਰ ਦਾ ਹਿੱਸਾ ? --ਬਲਵਿੰਦਰ ਸਿੰਘ ਭੁੱਲਰ

ਦਾਣਾ ਮੰਡੀ ਵਿੱਚ ਕਈ ਦਿਨਾਂ ਤੋਂ ਬੈਠੇ ਇੱਕ ਕਿਸਾਨ ਨੇ ਦੂਜੇ ਨੂੰ ਕਿਹਾ, ''ਭਾਈ ਸਾਹਿਬ ਤੂੰ ਕਣਕ ਵੇਚਣ ਨੂੰ ਰੋਣੈਂ, ਭਾਲਦੈਂ ਵਪਾਰੀ। ਜਦੋਂ ਸਰਕਾਰਾਂ ਬਹੁਕੌਮੀ ਕੰਪਨੀਆਂ ਦੇ ਮਾਲਕਾਂ ਨਾਲ ਹਨ ਉਹ ਤਾਂ ਕਿਸੇ ਦਿਨ ਸਿਵਿਆਂ ਤੇ ਵੀ ਕਬਜੇ ਕਰ ਲੈਣਗੇ ਤੇ ਮਨਮਰਜੀ ਦੀ ਰਕਮ ਲੈ ਕੇ ਮ੍ਰਿਤਕਾਂ ਦਾ ਸਸਕਾਰ ਆਪ ਖ਼ੁਦ ਕਰਿਆ ਕਰਨਗੇ। ਉਹਨਾਂ ਦੀ ਮਰਜੀ ਬਗੈਰ ਤਾਂ ਕਿਸੇ ਨੂੰ ਸਿਵਿਆਂ ਅੰਦਰ ਵੜਣ ਵੀ ਨਹੀਂ ਦਿੱਤਾ ਜਾਵੇਗਾ।'' ਇਹ ਸੁਣ ਕੇ ਦੂਜੇ ਨੇ ਕਿਹਾ ''ਕਿਉਂ ਭਕਾਈ ਮਾਰਦੈਂ, ਐਂ ਕਿਵੇਂ ਹੋ ਜਾਊ।'' ਪਹਿਲੇ ਨੇ ਕਿਹਾ ''ਐਂ ਈ ਹੋਊ, ਜਿਵੇਂ ਸੋਡੀ ਜਿਨਸ ਨਾਲ ਹੁੰਦੈ।'' ਉਹਨਾਂ ਦੀਆਂ ਸੁਭਾਵਕ ਕੀਤੀਆਂ ਜਾ ਰਹੀਆਂ ਗੱਲਾਂ ਭਾਵੇਂ ਬੇਤੁਕੀਆਂ ਲਗਦੀਆਂ ਸਨ, ਪਰ ਸੱਚਮੁੱਚ ਹੀ ਸਮਾਂ ਉਸ ਰਸਤੇ ਚੱਲ ਰਿਹਾ ਹੈ, ਜਦੋਂ ਬਹੁਕੌਮੀ ਕੰਪਨੀਆਂ ਹੀ ਸਸਕਾਰ ਕਰਿਆ ਕਰਨਗੀਆਂ।

ਕਾਫ਼ੀ ਸਾਲ ਪਹਿਲਾਂ ਵੀ ਦਿੱਲੀ ਵਿੱਚ ਛੋਟੀਆਂ ਛੋਟੀਆਂ ਅਜਿਹੀਆਂ ਦੁਕਾਨਾਂ ਵੇਖੀਆਂ ਜਾ ਸਕਦੀਆਂ ਸਨ, ਜਿਹਨਾਂ ਤੇ ਅਰਥੀ ਬਣਾਉਣ ਲਈ ਬਾਂਸ, ਕੱਫਨ, ਸਸਕਾਰ ਲਈ ਵਰਤੀ ਜਾਣ ਵਾਲੀ ਸਮੱਗਰੀ ਆਦਿ ਮਿਲਦੀ ਸੀ। ਉਸ ਦੁਕਾਨ ਵੱਲ ਵੇਖ ਕੇ ਆਮ ਆਦਮੀ ਨੂੰ ਨਫ਼ਰਤ ਹੁੰਦੀ ਸੀ, ਕਿ ਇਹ ਮੌਤ ਹੀ ਭਾਲਦੈ ਕਿ ਕੋਈ ਮਰੇ ਤਾਂ ਉਸਦਾ ਸਮਾਨ ਵਿਕੇ। ਪਰ ਇਹ ਸੱਚ ਹੈ ਕਿ ਜੰਮਣਾ ਝੂਠ ਤੇ ਮਰਨਾ ਸੱਚ, ਜੋ ਜੰਮਿਆ ਹੈ ਉਸਨੇ ਕਦੇ ਤਾਂ ਮਰ ਹੀ ਜਾਣੈ ਅਤੇ ਮਰਨ ਤੇ ਇਹਨਾਂ ਵਸਤਾਂ ਦੀ ਜਰੂਰਤ ਪੈਣੀ ਹੀ ਪੈਣੀ ਹੈ। ਹੁਣ ਸਾਰੇ ਸ਼ਹਿਰਾਂ ਵਿੱਚ ਹੀ ਵੇਖੀਏ ਤਾਂ ਸਮਸਾਨਘਾਟ ਦੇ ਨੇੜਲੀਆਂ ਦੁਕਾਨਾਂ ਤੇ ਮ੍ਰਿਤਕ ਦੇਹ ਤੇ ਪਾਉਣ ਲਈ ਲੋਈਆਂ ਜਾਂ ਸਮੱਗਰੀ ਆਦਿ ਮਿਲਦੀ ਹੈ, ਪਰ ਅਜੇ ਤੱਕ ਪੰਜਾਬ ਵਿੱਚ ਵੱਖਰੀਆਂ ਦੁਕਾਨਾਂ ਨਹੀਂ ਹਨ, ਅਜਿਹੇ ਸਮਾਨ ਵਾਲੀਆਂ।

ਵਪਾਰੀ ਕਹਿੰਦੇ ਨੇ ਬਹੁਤ ਚਲਾਕ ਕੌਮ ਹੈ, ਜਿਸਦਾ ਕੰਮ ਕੇਵਲ ਧਨ ਕਮਾਉਂਣਾ ਹੈ, ਕੰਮ ਚੰਗਾ ਹੋਵੇ ਮਾੜਾ ਹੋਵੇ ਉਸਦਾ ਧਿਆਨ ਤਾਂ ਲਾਭ ਵੱਲ ਹੁੰਦਾ ਹੈ ਤੇ ਉਹ ਲਾਭ ਕਮਾਉਣ ਲਈ ਕੁੱਝ ਵੀ ਕਰ ਸਕਦਾ ਹੈ। ਦੋ ਕਿਸਾਨਾਂ ਦੀ ਉਪਰੋਕਤ ਵਾਰਤਾ ਸੱਚ ਹੁੰਦੀ ਵਿਖਾਈ ਦੇ ਰਹੀ ਹੈ। ਭਾਰਤ ਵਿੱਚ ਇੱਕ ਕੰਪਨੀ ਹੈ ''ਸੁਖਾਂਤ ਫਿਊਨਰਲ ਮੈਨੇਜਮੈਂਟ'' ਭਾਵ ਸੁਖਾਂਤ ਅੰਤਿਮ ਸਸਕਾਰ। ਇਹ ਕੰਪਨੀ ਆਪਣੀ ਫੀਸ ਲੈ ਕੇ ਅੰਤਿਮ ਸਸਕਾਰ ਦਾ ਸਾਰਾ ਕੰਮ ਖੁਦ ਸੰਭਾਲਦੀ ਹੈ। ਮ੍ਰਿਤਕ ਦੇ ਵਾਰਸ ਵੱਲੋਂ ਉਹ ਫੀਸ ਵਸੂਲ ਕਰਨ ਉਪਰੰਤ, ਅਰਥੀ ਤਿਆਰ ਕਰਨ ਤੇ ਸਿੰਗਾਰਨ, ਮੋਢਾ ਦੇਣ ਵਾਲੇ ਚਾਰ ਕਾਨੀ, ਨਾਲ ਤੁਰਨ ਵਾਲੀ ਮਜਲਸ਼, ਰਾਮ ਸੱਤ ਰਾਮ ਸੱਤ ਬੋਲਣ ਵਾਲੇ ਆਦਿ ਦਾ ਉਹ ਖੁਦ ਪ੍ਰਬੰਧ ਕਰਦੀ ਹੈ। ਹਾਰ ਦੇਣ ਆਦਿ ਦੀ ਫੀਸ ਵੱਖਰੀ ਹੋਵੇਗੀ। ਇਸ ਕੰਪਨੀ ਨੇ ਮੁੰਬਈ, ਠਾਣਾ ਆਦਿ ਸ਼ਹਿਰਾਂ ਦੇ ਖੇਤਰ ਵਿੱਚ ਕੰਮ ਸੁਰੂ ਕੀਤਾ ਹੋਇਆ ਹੈ। ਸਾਲ 2017 ਤੋਂ ਹੁਣ ਤੱਕ ਉਸ ਵੱਲੋਂ 5 ਹਜ਼ਾਰ ਸਸਕਾਰ ਕਰ ਵੀ ਦਿੱਤੇ ਗਏ ਹਨ।

ਕੰਪਨੀ ਦੇ ਡਾਇਰੈਕਟਰ ਤੇ ਸਹਿ ਸੰਸਥਾਪਕ ਸ੍ਰੀ ਵਿਜੇ ਰਾਮਗੁੜੇ ਦਾ ਕਹਿਣਾ ਹੈ ਕਿ ਇਹ ਕੰਮ ਲੋਕਾਂ ਦੀ ਸਹੂਲਤ ਲਈ ਸੁਰੂ ਕੀਤਾ ਗਿਆ ਹੈ, ਅੱਜ ਦੇ ਸਮੇਂ ਵਿੱਚ ਇਸ ਦੀ ਜਰੂਰਤ ਹੈ। ਉਸ ਅਨੁਸਾਰ ਇਹ ਕਾਰੋਬਾਰ ਪੂਰੇ ਭਾਰਤ ਵਿੱਚ ਫੈਲਾਉਣ ਦੀਆਂ ਤਿਆਰੀਆਂ ਹਨ। ਦਿੱਲੀ ਵਿੱਚ ਵੀ ਹੁਣ ਇਸ ਕੰਮ ਨੂੰ ਚਲਾਉਣ ਲਈ ਇਸੇ ਕੰਪਨੀ ਦਾ ਇੱਕ ਸਟੋਰ ਤਿਆਰ ਹੋ ਚੁੱਕਾ ਹੈ। ਇੱਥੇ ਇਹ ਦੱਸਣਾ ਵੀ ਹੈਰਾਨੀਜਨਕ ਹੋਵੇਗਾ ਕਿ ਮ੍ਰਿਤਕ ਦੇ ਸਸਕਾਰ ਲਈ ਅਗੇਤੀ ਬੁਕਿੰਗ ਵੀ ਕਰਵਾਈ ਜਾ ਸਕਦੀ ਹੈ। ਜੇ ਵਿਚਾਰ ਕਰੀਏ ਕਿ ਜਿਵੇਂ ਲੋਕ ਆਪਣੇ ਪਿੰਡ ਸ਼ਹਿਰ ਛੱਡ ਕੇ ਵਿਦੇਸਾਂ ਜਾਂ ਹੋਰ ਰਾਜਾਂ ਵਿੱਚ ਵਸ ਰਹੇ ਹਨ, ਉਹਨਾਂ ਦਾ ਆਪਣਿਆਂ ਨਾਲੋਂ ਰਿਸ਼ਤਾ ਨਾਤਾ ਖਤਮ ਹੋ ਰਿਹਾ ਹੈ ਤਾਂ ਇਹ ਸੱਚ ਹੈ ਕਿ ਮ੍ਰਿਤਕ ਦੀ ਅਰਥੀ ਨਾਲ ਤੁਰਨ ਵਾਲਿਆਂ ਦੀ ਗਿਣਤੀ ਦਿਨੋ ਦਿਨ ਘਟਦੀ ਜਾ ਰਹੀ ਹੈ। ਪੰਜਾਬੀ ਦੀ ਕਹਾਵਤ ਸੀ ਕਿ ''ਐਨੇ ਕੁ ਮਿੱਤਰ ਤਾਂ ਰੱਖ ਲੈ, ਜੋ ਅਰਥੀ ਨੂੰ ਮੋਢਾ ਦੇ ਦੇਣ'' ਪਰ ਹੁਣ ਤਾਂ ਲਗਦੈ ਏਨੇ ਵੀ ਨਹੀ ਰਹੇ ਅਤੇ ਨਾ ਹੀ ਉਹਨਾਂ ਦੀ ਲੋੜ ਰਹਿਣੀ ਹੈ। ਜੋ ਕੁਛ ਇਹ ਕੰਪਨੀ ਮੁਹੱਈਆ ਕਰ ਰਹੀ ਹੈ, ਪੰਜਾਬ ਵਿੱਚ ਉਸ ਨਾਲੋਂ ਜੇ ਵੱਧ ਦੀ ਜਰੂਰਤ ਪੈਂਦੀ ਹੈ ਤਾਂ ਉਹ 'ਦੁਹੱਥੜੀ ਪਿੱਟ ਸਿਆਪਾ' ਕਰਨ ਵਾਲੀਆਂ ਔਰਤਾਂ ਦੀ ਪੈ ਸਕਦੀ ਹੈ, ਪਰ ਕੰਪਨੀ ਪਿੰਡਾਂ ਚੋਂ ਐਹੋ ਜਿਹੀਆਂ ਔਰਤਾਂ ਵੀ ਭਰਤੀ ਕਰ ਲਵੇਗੀ, ਚਲੋ ਇਸ ਤਰਾਂ ਕੁੱਝ ਰੋਜਗਾਰ ਵੀ ਤਾਂ ਮਿਲੇਗਾ।

ਪੇਂਡੂ ਕਿਸਾਨਾਂ ਦੀ ਉਕਤ ਗੱਲ ਵਜ਼ਨਦਾਰ ਲੱਗ ਰਹੀ ਹੈ ਕਿ ਇੱਕ ਸਮਾਂ ਅਜਿਹਾ ਆਵੇਗਾ ਜਦੋਂ ਵੱਡੀਆਂ ਬਹੁਕੌਮੀ ਕੰਪਨੀਆਂ ਸਰਕਾਰਾਂ ਦੇ ਸਹਿਯੋਗ ਨਾਲ ਸਿਵਿਆਂ ਤੇ ਕਬਜੇ ਕਰਕੇ ਮਨਮਰਜੀ ਦੀ ਫੀਸ ਰੱਖ ਕੇ ਸਸਕਾਰ ਕਰਨ ਦਾ ਕਾਰੋਬਾਰ ਚਲਾਉਣਗੀਆਂ। ਜਦੋਂ ਸਰਕਾਰਾਂ ਦਾ ਸਹਿਯੋਗ ਹੋਇਆ ਤਾਂ ਉਹਨਾਂ ਅਧੁਨਿਕ ਸਿਵਿਆਂ ਤੋਂ ਬਾਹਰ ਪ੍ਰਦੂਸ਼ਣ ਦੇ ਬਹਾਨੇ ਸਸਕਾਰ ਕਰਨ ਤੇ ਪਾਬੰਦੀ ਲਾ ਦਿੱਤੀ ਜਾਵੇਗੀ। ਫੇਰ ਮੌਤ ਵੀ ਬਣ ਜਾਵੇਗੀ ਕੰਪਨੀਆਂ ਦੇ ਇੱਕ ਵੱਡੇ ਕਾਰੋਬਾਰ ਦਾ ਹਿੱਸਾ।


## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1: reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**





# ਆਬਕਾਰੀ ਵਿਭਾਗ ਨੇ ਸ਼ਰਾਬ ਦੇ ਬਾਰਾਂ 'ਤੇ ਹੋਣ ਵਾਲੀਆਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ 'ਨਾਈਟ ਸਵੀਪ' ਆਪ੍ਰੇਸ਼ਨ ਚਲਾਇਆ : ਚੀਮਾ

## ਮੁਹਿੰਮ ਦੌਰਾਨ ਸ਼ਨੀਵਾਰ ਰਾਤ ਨੂੰ 13 ਤੋਂ ਵੱਧ ਟੀਮਾਂ ਨੇ ਕੀਤੀ ਚੈਕਿੰਗ

ਚੰਡੀਗੜ੍ਹ, 28 ਮਈ: ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਦੱਸਿਆ ਕਿ ਆਬਕਾਰੀ ਵਿਭਾਗ ਵੱਲੋਂ ਬੀਤੀ ਰਾਤ (ਸ਼ਨੀਵਾਰ) ਨੂੰ ਸੂਬੇ ਭਰ ਵਿੱਚ ਸ਼ਰਾਬ ਦੇ ਬਾਰਾਂ ਦੀ ਚੈਕਿੰਗ ਅਤੇ ਨਿਗਰਾਨੀ ਲਈ "ਨਾਈਟ ਸਵੀਪ" ਨਾਮੀ ਵਿਆ-ਪਕ ਆਪ੍ਰੇਸ਼ਨ ਚਲਾਇਆ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਟੀਮਾਂ ਵੱਲੋਂ ਰਾਤ ਸਮੇਂ ਮੋਹਾਲੀ, ਜਲੰਧਰ ਅਤੇ ਅੰਮ੍ਰਿਤਸਰ ਖੇਤਰ ਦੇ ਬਾਰਾਂ, ਪੱਬਾਂ ਅਤੇ ਰੈਸਟੋਰੈਂਟਾਂ ਵੱਲੋਂ ਵੱਖ-ਵੱਖ ਕਾਨੂੰਨਾਂ ਦੀ ਪਾਲਣਾ ਸਬੰਧੀ ਜਾਂਚ ਵੀ ਕੀਤੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਮੌਕੇ 'ਤੇ ਹੀ ਕਾਨੂੰਨ ਦੀਆਂ ਧਾਰਾਵਾਂ ਅਨੁਸਾਰ ਕਾਰਵਾਈ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਬਾਰਾਂ, ਪੱਬਾਂ ਅਤੇ ਰੈਸਟੋਰੈਂਟਾਂ ਵਿੱਚ 'ਹੁੱਕਾ' ਪੀਣ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਇਹ ਵਿਸ਼ੇਸ਼ ਆਪ੍ਰੇਸ਼ਨ ਚਲਾਇਆ ਗਿਆ। ਉਨ੍ਹਾਂ ਦੱਸਿਆ ਕਿ ਵਿੱਤ ਕਮਿਸ਼ਨਰ ਕਰ ਸ੍ਰੀ ਵਿਕਾਸ ਪ੍ਰਤਾਪ ਅਤੇ ਆਬਕਾਰੀ ਕਮਿਸ਼ਨਰ ਸ੍ਰੀ ਵਰੁਣ ਰੂਜ਼ਮ ਦੀ ਨਿਗਰਾਨੀ ਹੇਠ ਬੀਤੀ ਰਾਤ ਨੂੰ 13 ਤੋਂ ਵੱਧ ਟੀਮਾਂ ਵੱਲੋਂ ਚੈਕਿੰਗ ਕੀਤੀ ਗਈ।

ਇਸ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਆਬਕਾਰੀ ਅਤੇ ਕਰ ਮੰਤਰੀ ਨੇ ਦੱਸਿਆ ਕਿ ਐਸ.ਏ.ਐਸ.ਨਗਰ (ਮੁਹਾਲੀ) ਜ਼ਿਲ੍ਹੇ ਦੇ ਨਯਾਗਾਓਂ ਖੇਤਰ ਵਿੱਚ, 'ਆਈ ਲਵ ਹੌਟ ਸ਼ਾਟ' ਨਾਮੀ ਇੱਕ ਰੈਸਟੋਰੈਂਟ ਵੱਲੋਂ ਆਪਣੇ ਗਾਹਕਾਂ ਨੂੰ ਸਿਰਫ਼ ਚੰਡੀਗੜ੍ਹ ਖੇਤਰ ਵਿੱਚ ਵੇਚੀ ਜਾ ਸਕਣ ਵਾਲੀ ਬੀਅਰ ਦੇ ਨਾਲ 'ਹੁੱਕਾ' ਪੀਣ ਨੂੰ ਦਿੱਤਾ ਜਾ ਰਿਹਾ ਸੀ, ਜਿਸ ਨਾਲ ਉਹ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਦੀ ਉਲੰਘਣਾ ਕਰ ਰਹੇ ਸਨ। ਰੈਸਟੋਰੈਂਟ ਦੀ ਤਲਾਸ਼ੀ ਦੌਰਾਨ 20 ਹੁੱਕੇ, ਬੀਅਰ ਦੀਆਂ 07 ਬੋਤਲਾਂ, ਤੰਬਾਕੂ ਦੇ ਵੱਖ-ਵੱਖ ਫਲੇਵਰ ਅਤੇ ਚਾਰਕੋਲ ਜ਼ਬਤ ਕੀਤਾ ਗਿਆ। ਇਸ ਮਾਮਲੇ ਵਿੱਚ ਰੈਸਟੋਰੈਂਟ ਦੇ ਮਾਲਕਾਂ ਵਿਰੁੱਧ ਪੰਜਾਬ ਐਕਸਾਈਜ਼ ਐਕਟ 1914, ਸਿਗਰੇਟ ਐਂਡ ਅਦਰ ਤੰਬਾਕੂ ਪ੍ਰੋਡੱਕਟ ਐਕਟ 2003, ਪੋਆਈਜ਼ਨ ਐਕਟ 1919 ਅਤੇ ਭਾਰਤੀ ਦੰਡਾਵਲੀ 1860 ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਥਾਣਾ ਨਯਾਗਾਓਂ, ਮੋਹਾਲੀ ਵਿਖੇ ਐਫ.ਆਈ.ਆਰ. ਨੰਬਰ 40 ਮਿਤੀ 28.05.2023 ਦਰਜ ਕੀਤੀ ਗਈ। ਇਸ ਤੋਂ ਇਲਾਵਾ, ਬੈਸਟੇਕ ਮਾਲ, ਸੈਕਟਰ 66 ਮੋਹਾਲੀ ਵਿੱਚ 'ਬੁਰਜ' (ਡਬਲਯੂ ਵ੍ਹਾਈਟ ਹਾਸਪਿਟੈਲਿਟੀ), 'ਸਕੱਲ' (ਫ੍ਰੈਂਡਜ਼ ਹਾਸਪਿਟੈਲਿਟੀ) ਅਤੇ 'ਮਾਸਕ ਲੌਂਜ ਐਂਡ ਬਾਰ' ਨਾਮੀ ਤਿੰਨ ਬਾਰ ਨਿਰਧਾਰਤ ਸਮੇਂ ਤੋਂ ਬਾਅਦ ਵੀ ਖੁੱਲ੍ਹੇ ਪਾਏ ਗਏ। ਨਤੀਜੇ ਵਜੋਂ ਇਨ੍ਹਾਂ ਬਾਰਾਂ ਵਿਰੁੱਧ ਪੰਜਾਬ ਆਬਕਾਰੀ ਐਕਟ 1914 ਅਤੇ ਪੰਜਾਬ ਲਿਕਰ ਲਾਇਸੈਂਸ ਰੂਲਜ਼ 1956 ਦੀਆਂ ਸਬੰਧਤ ਧਾਰਾਵਾਂ ਤਹਿਤ ਕਾਰਵਾਈ ਕੀਤੀ ਗਈ।

ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਵਿੱਚ 'ਪੈਡਲਰਜ਼ ਬਾਰ' ਨਾਮੀ ਬਾਰ ਨਿਰਧਾਰਤ ਸਮੇਂ ਤੋਂ ਬਾਅਦ ਵੀ ਖੁੱਲ੍ਹਾ ਸੀ ਅਤੇ 25 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਵੀ ਸ਼ਰਾਬ ਪਰੋਸ ਰਿਹਾ ਸੀ। ਬਾਰ ਦੀ ਤਲਾਸ਼ੀ ਦੌਰਾਨ 17 ਬੋਤਲਾਂ ਬਿਨਾਂ ਡਿਊਟੀ ਵਾਲੀ ਸ਼ਰਾਬ ਅਤੇ ਮਿਆਦ ਪੁੱਗ ਚੁੱਕੀ ਬੀਅਰ ਦੀਆਂ 05 ਬੋਤਲਾਂ ਵੀ ਬਰਾਮਦ ਹੋਈਆਂ ਜਿਨ੍ਹਾਂ ਨੂੰ ਮੌਕੇ 'ਤੇ ਜ਼ਬਤ ਕਰ ਲਿਆ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਇਸੇ ਤਰ੍ਹਾਂ, ਜਲੰਧਰ ਵਿੱਚ 'ਪੈਡਲਰਜ਼' ਨਾਮੀ ਬਾਰ ਨਿਰਧਾਰਤ ਸਮਾਂ-ਸੀਮਾਂ ਤੋਂ ਬਾਅਦ ਵੀ ਖੁੱਲ੍ਹਾ ਸੀ। ਬਾਰ ਦੀ ਤਲਾਸ਼ੀ ਦੌਰਾਨ ਮਿਆਦ ਪੁੱਗ ਚੁੱਕੀ ਬੀਅਰ ਦੀਆਂ 03 ਬੋਤਲਾਂ ਵੀ ਬਰਾਮਦ ਹੋਈਆਂ ਜਿਨ੍ਹਾਂ ਨੂੰ ਮੌਕੇ 'ਤੇ ਜ਼ਬਤ ਕਰ ਲਿਆ ਗਿਆ। ਇਹਨਾਂ ਉਲੰਘਣਾਵਾਂ ਨੂੰ ਵੇਖਦਿਆਂ ਬਾਰ ਦੇ ਖਿਲਾਫ ਕਾਨੂੰਨ ਦੀਆਂ ਸੰਬੰਧਿਤ ਧਾਰਾਵਾਂ ਤਹਿਤ ਸਖ਼ਤ ਕਾਰਵਾਈ ਆਰੰਭੀ ਗਈ।

ਆਬਕਾਰੀ ਤੇ ਕਰ ਮੰਤਰੀ ਨੇ ਦੱਸਿਆ ਕਿ ਆਪ੍ਰੇਸ਼ਨ ਦੌਰਾਨ ਵਧੀਕ ਕਮਿਸ਼ਨਰ (ਆਬਕਾਰੀ) ਨਰੇਸ਼ ਦੂਬੇ ਅਤੇ ਏ.ਆਈ.ਜੀ (ਆਬਕਾਰੀ) ਗੁਰ-ਜੋਤ ਸਿੰਘ ਕਲੇਰ ਸਮੇਤ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀਆਂ ਨੇ ਨਿਜੀ ਤੌਰ 'ਤੇ ਆਬਕਾਰੀ ਟੀਮਾਂ ਦੀ ਅਗਵਾਈ ਕੀਤੀ। ਉਨ੍ਹਾਂ ਅੱਗੇ ਦੱਸਿਆ ਕਿ ਆਪ੍ਰੇਸ਼ਨ ਵਿੱਚ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਸ਼ਾਮਲ ਕੀਤਾ ਗਿਆ ਸੀ। ਹਰੇਕ ਟੀਮ ਵਿੱਚ ਘੱਟੋ-ਘੱਟ ਇੱਕ ਮਹਿਲਾ ਅਧਿਕਾਰੀ ਅਤੇ ਇੱਕ ਸਿਹਤ ਵਿਭਾਗ ਦਾ ਅਧਿਕਾਰੀ ਸ਼ਾਮਲ ਸੀ।





ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਆਪ੍ਰੇਸ਼ਨ 'ਨਾਈਟ ਸਵੀਪ' ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਆਬਕਾਰੀ ਵਿਭਾਗ ਦੇ ਇਸ ਆਪ੍ਰੇਸ਼ਨ ਦਾ ਉਦੇਸ਼ ਹੁੱਕਾ ਪੀਣ ਕਰਕੇ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਨੂੰ ਧਿਆਨ ਵਿਚ ਰੱਖਦਿਆਂ ਬਾਰਾਂ ਅਤੇ ਰੈਸਟੋਰੈਂਟਾਂ ਵਿੱਚ ਹੁੱਕਾ ਪੀਣ 'ਤੇ ਰੋਕ ਲਗਾਉਣਾ ਹੈ ਕਿਉਂਕਿ ਇਨਾਂ ਹੁੱਕਿਆਂ ਵਿੱਚ ਨਿਕੋਟੀਨ (ਕੈਂਸਰ ਪੈਦਾ ਕਰਨ ਵਾਲੇ) ਵਰਗੇ ਹਾਨੀਕਾਰਕ ਪਦਾਰਥ ਪਾਏ ਜਾਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਨਾਲ ਹੀ ਹੁੱਕੇ ਵਿਚ ਤੰਬਾਕੂ ਨੂੰ ਸਾੜਨ ਲਈ ਵਰਤੇ ਜਾਣ ਵਾਲੇ ਚਾਰਕੋਲ ਤੋਂ ਅਜਿਹਾ ਧੂੰਆਂ ਪੈਦਾ ਹੁੰਦਾ ਹੈ ਜਿਸ ਵਿਚ ਨਾ ਸਿਰਫ ਕਾਰਬਨ ਮੋਨੋਆਕਸਾਈਡ ਹੁੰਦੀ ਹੈ, ਬਲਕਿ ਹੋਰ ਕੈਂਸਰ ਪੈਦਾ ਕਰਨ ਵਾਲੇ ਰਸਾਇਣ ਅਤੇ ਧਾਤਾਂ ਵੀ ਸ਼ਾਮਲ ਹੁੰਦੀਆਂ ਹਨ, ਕਿਉਂਕਿ ਧੂੰਏਂ ਨੂੰ ਫਿਲਟਰ ਕਰਨ ਲਈ ਵਰਤਿਆ ਜਾਣ ਵਾਲਾ ਪਾਣੀ ਅਸਲ ਵਿਚ ਇਨ੍ਹਾਂ ਖ਼ਤਰਨਾਕ ਰਸਾਇਣਾਂ ਨੂੰ ਰੋਕਣ ਦੇ ਯੋਗ ਨਹੀਂ ਹੁੰਦਾ। ਇਸ ਤੋਂ ਇਲਾਵਾ ਇੱਕੋ ਹੁੱਕੇ ਨੂੰ ਇੱਕੋ ਸਮੇਂ ਵੱਧ ਵਿੱਕਤੀਆਂ ਵੱਲੋਂ ਮਿਲ ਕੇ ਪੀਣ ਨਾਲ ਛੂਤ ਦੀਆਂ ਵੱਖ-ਵੱਖ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵਧਦਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਦੀ ਨੌਜਵਾਨ ਪੀੜ੍ਹੀ ਦੇ ਸੁਨਿਹਰੀ ਭਵਿੱਖ ਸਬੰਧੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਹਰ ਤਰ੍ਹਾਂ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਈ ਹੈ। ਉਨ੍ਹਾਂ ਅੱਗੇ ਕਿਹਾ ਕਿ ਆਬਕਾਰੀ ਵਿਭਾਗ ਦੀ ਹੁੱਕਾ ਬਾਰਾਂ ਅਤੇ ਇਸ ਤਰ੍ਹਾਂ ਦੀਆਂ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਮੁਹਿੰਮ ਨੂੰ ਭਵਿੱਖ ਵਿੱਚ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਨੇ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹੇ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।





ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



# Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਉਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com



















# ਇਮਰਾਨ ਦੇ ਅਯੋਗ ਹੋਣ 'ਤੇ ਪੀਟੀਆਈ ਦੀ ਅਗਵਾਈ ਕਰਨਗੇ ਸ਼ਾਹ

* ਸਰਕਾਰ ਨਾਲ ਗੱਲਬਾਤ ਲਈ ਬਣਾਈ ਗਈ ਸੱਤ ਮੈਂਬਰੀ ਕਮੇਟੀ



ਇਸਲਾਮਾਬਾਦ, 28 ਮਈ (ਪੋਸਟ ਬਿਊਰੋ):ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਦੇ ਚੇਅਰਮੈਨ ਅਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਅਯੋਗ ਠਹਿਰਾਇਆ ਜਾਂਦਾ ਹੈ ਤਾਂ ਪਾਰਟੀ ਦੀ ਅਗਵਾਈ ਇਸ ਦੇ ਉਪ-ਚੇਅਰਮੈਨ ਸ਼ਾਹ ਮਹਿਮੂਦ ਕੁਰੈਸ਼ੀ ਕਰਨਗੇ।

ਪਾਕਿਸਤਾਨੀ ਮੀਡੀਆ ਦੇ ਅਨੁਸਾਰ ਇਮਰਾਨ ਖਾਨ ਨੇ ਸ਼ਨੀਵਾਰ ਨੂੰ ਲਾਹੌਰ ਵਿੱਚ ਆਪਣੇ ਜ਼ਮਾਨ ਪਾਰਕ ਨਿਵਾਸ 'ਤੇ ਪੱਤਰਕਾਰਾਂ ਅਤੇ ਵਕੀਲਾਂ ਨਾਲ ਇੱਕ ਮੀਟਿੰਗ ਵਿੱਚ ਕਿਹਾ ਕਿ ਜੇਕਰ ਮੈਨੂੰ ਅਯੋਗ ਠਹਿਰਾਇਆ ਜਾਂਦਾ ਹੈ, ਤਾਂ ਸ਼ਾਹ ਮਹਿਮੂਦ ਕੁਰੈਸ਼ੀ ਪਾਰਟੀ ਦੀ ਅਗਵਾਈ ਕਰਨਗੇ। ਪਿਛਲੇ ਸਾਲ ਅਪ੍ਰੈਲ 'ਚ ਸੱਤਾ ਤੋਂ ਲਾਂਭੇ ਹੋਣ ਤੋਂ ਬਾਅਦ ਪੀਟੀਆਈ ਮੁਖੀ ਭ੍ਰਿਸ਼ਟਾਚਾਰ ਤੋਂ ਲੈ ਕੇ ਅੱਤਵਾਦ ਤੱਕ ਦੇ ਕਈ ਮਾਮਲਿਆਂ ਦਾ ਸਾਹਮਣਾ ਕਰ ਰਹੇ ਹਨ। ਖਾਨ ਨੂੰ 9 ਮਈ ਨੂੰ ਰਾਸ਼ਟਰੀ ਜਵਾਬਦੇਹੀ ਬਿਊਰੋ (ਐਨਏਬੀ) ਤੋਂ ਗ੍ਰਿਫਤਾਰੀ ਵਾਰੰਟ ਦੀ ਪਾਲਣਾ ਵਿੱਚ ਰੇਂਜਰਾਂ ਦੇ ਕਰਮਚਾਰੀਆਂ ਦੁਆਰਾ 190 ਮਿਲੀਅਨ ਪੌਂਡ ਅਲ-ਕਾਦਿਰ ਟਰੱਸਟ ਕੇਸ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਸੁਪਰੀਮ ਕੋਰਟ ਵੱਲੋਂ ਉਸ ਦੀ ਗ੍ਰਿਫ਼ਤਾਰੀ ਨੂੰ ਗ਼ੈਰ-ਕਾਨੂੰਨੀ ਕਰਾਰ ਦੇਣ ਮਗਰੋਂ ਖ਼ਾਨ ਨੂੰ ਰਿਹਾਅ ਕਰ ਦਿੱਤਾ ਗਿਆ ਸੀ।

ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਨੇ ਪਾਰਟੀ ਮੁਖੀ ਇਮਰਾਨ ਖ਼ਾਨ ਦੇ ਨਿਰਦੇਸ਼ਾਂ 'ਤੇ ਮੌਜੂਦਾ ਸਰਕਾਰ ਨਾਲ ਚੋਣਾਂ ਨੂੰ ਲੈ ਕੇ ਗੱਲਬਾਤ ਕਰਨ ਲਈ ਸੱਤ ਮੈਂਬਰੀ ਗੱਲਬਾਤ ਕਮੇਟੀ ਦਾ ਗਠਨ ਕੀਤਾ ਹੈ। ਪਾਰਟੀ (ਪੀਟੀਆਈ) ਨੇ ਟਵਿੱਟਰ 'ਤੇ ਕਿਹਾ ਕਿ ਸ਼ਾਹ ਮਹਿਮੂਦ ਕੁਰੈਸ਼ੀ ਦੀ ਅਗਵਾਈ ਵਾਲੀ ਸੱਤ ਮੈਂਬਰੀ ਕਮੇਟੀ ਚੋਣਾਂ ਨੂੰ ਲੈ ਕੇ ਸਰਕਾਰ ਨਾਲ ਕਾਰਜ ਯੋਜਨਾ ਤੈਅ ਕਰੇਗੀ। ਕਮੇਟੀ ਵਿੱਚ ਪਾਰਟੀ ਦੇ ਉਪ ਪ੍ਰਧਾਨ ਸ਼ਾਹ ਮਹਿਮੂਦ ਕੁਰੈਸ਼ੀ, ਪਰਵੇਜ਼ ਖੱਟਕ, ਅਸਦ ਕੈਸਰ, ਹਮਾਦ ਅਜ਼ਹਰ, ਹਲੀਮ ਆਦਿਲ ਸ਼ੇਖ, ਮੁਰਾਦ ਸਈਦ ਅਤੇ ਅਉਨ ਅੱਬਾਸ ਬੱਪੀ ਸ਼ਾਮਲ ਹਨ।

# ਮਨੀਪੁਰ ਵਿਚ ਕਈ ਥਾਵਾਂ 'ਤੇ ਹਿੰਸਾ ਭੜਕੀ, ਦੋ ਪੁਲਿਸ ਕਮਾਂਡੋ ਸ਼ਹੀਦ

ਇੰਫਾਲ, 28 ਮਈ (ਪੋਸਟ ਬਿਊਰੋ): ਹਿੰਸਾ ਪ੍ਰਭਾਵਿਤ ਮਨੀਪੁਰ ਵਿੱਚ ਐਤਵਾਰ ਸ਼ਾਮ ਨੂੰ ਇੱਕ ਵਾਰ ਫਿਰ ਤੋਂ ਹਿੰਸਾ ਭੜਕ ਗਈ। ਸੁਗਨੂ ਅਤੇ ਕਾਕਚਿੰਗ ਵਿੱਚ ਹੋਏ ਮੁਕਾਬਲੇ ਵਿੱਚ ਮਨੀਪੁਰ ਪੁਲਿਸ ਦੇ ਦੋ ਕਮਾਂਡੋ ਮਾਰੇ ਜਾਣ ਦੀ ਸੂਚਨਾ ਹੈ। ਹਾਲਾਂਕਿ ਅਜੇ ਤੱਕ ਇਸ ਦੀ ਪੁਸ਼ਟੀ ਨਹੀਂ ਹੋਈ ਹੈ। ਕਥਿਤ ਤੌਰ 'ਤੇ ਮਨੀਪੁਰ ਪੁਲਿਸ ਦੇ ਕਮਾਂਡੋ ਅਤੇ ਸਸਪੈਂਸ਼ਨ ਆਫ਼ ਆਪ੍ਰੇਸ਼ਨ ਸੰਗਠਨ ਦੇ ਸ਼ੱਕੀ ਅੱਤਵਾਦੀਆਂ ਵਿਚਕਾਰ ਗੋਲੀਬਾਰੀ ਦਾ ਸਿਲਸਿਲਾ ਚੱਲ ਰਿਹਾ ਹੈ। ਦੂਜੇ ਪਾਸੇ ਮਨੀਪੁਰ ਦੇ ਵੱਖ-ਵੱਖ ਹਿੱਸਿਆਂ ਤੋਂ ਵੱਡੇ ਪੱਧਰ 'ਤੇ ਹਿੰਸਾ ਦੀਆਂ ਤਾਜ਼ਾ ਰਿਪੋਰਟਾਂ ਸਾਹਮਣੇ ਆਈਆਂ ਹਨ। ਬਦਮਾਸ਼ਾਂ ਨੇ ਕਥਿਤ ਤੌਰ 'ਤੇ ਕਈ ਘਰਾਂ ਅਤੇ ਹੋਰ ਅਦਾਰਿਆਂ ਨੂੰ ਅੱਗ ਲਗਾ ਦਿੱਤੀ।

ਇਸੇ ਦੌਰਾਨ ਆਲ ਇੰਡੀਆ ਫਾਰਵਰਡ ਬਲਾਕ (ਏਆਈਐਫਬੀ), ਮਨੀਪੁਰ ਨੇ ਸਾਰੇ ਸਬੰਧਤਾਂ ਨਾਲ ਸ਼ਾਂਤੀ ਵਾਰਤਾ ਕਰਨ ਲਈ ਸੋਮਵਾਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮਨੀਪੁਰ ਫੇਰੀ ਦਾ ਬਾਈਕਾਟ ਕਰਨ ਦਾ ਫੈਸਲਾ ਕੀਤਾ ਹੈ। ਏਆਈਐਫਬੀ ਦੇ ਪ੍ਰਧਾਨ ਵਾਈ ਇਬੋਯਾਮਾ ਨੇ ਇੰਫਾਲ ਵਿੱਚ ਕਿਹਾ ਕਿ ਹਿੰਸਾ ਸ਼ੁਰੂ ਹੋਣ ਦੇ 25 ਦਿਨਾਂ ਬਾਅਦ ਮਨੀਪੁਰ ਦਾ ਦੌਰਾ ਕਰਨਾ ਵਿਅਰਥ ਸੀ ਜਿਸ ਵਿੱਚ ਬਹੁਤ ਸਾਰੇ ਲੋਕ ਮਾਰੇ ਗਏ ਸਨ।

ਪੀਐਮ ਮੋਦੀ ਵਲੋਂ ਨਵੇਂ ਸੰਸਦ ਭਵਨ ਦਾ ਉਦਘਾਟਨ:

# 'ਸੰਸਦ ਦੀ ਨਵੀਂ ਇਮਾਰਤ ਬਣੇਗੀ ਨਵੇਂ ਭਾਰਤ ਦੇ ਨਿਰਮਾਣ ਦਾ ਆਧਾਰ': ਪੀਐਮ ਮੋਦੀ



ਨਵੀਂ ਦਿੱਲੀ, 28 ਮਈ (ਪੋਸਟ ਬਿਊਰੋ): ਦੇਸ਼ ਨੂੰ ਨਵੀਂ ਸੰਸਦ ਦੀ ਇਮਾਰਤ ਮਿਲ ਗਈ ਹੈ। ਪੀਐਮ ਮੋਦੀ ਨੇ ਨਵੇਂ ਸੰਸਦ ਭਵਨ ਦਾ ਉਦਘਾਟਨ ਕੀਤਾ। ਨਵੀਂ ਇਮਾਰਤ ਵਿੱਚ ਲੋਕ ਸਭਾ ਦੇ 888 ਅਤੇ ਰਾਜ ਸਭਾ ਵਿੱਚ 384 ਮੈਂਬਰਾਂ ਦੇ ਬੈਠਣ ਦੀ ਵਿਵਸਥਾ ਹੈ। ਨਵੀਂ ਸੰਸਦ ਦੇ ਪਹਿਲੇ ਦਿਨ ਪੀਐਮ ਮੋਦੀ ਨੇ ਮੌਜੂਦ ਪਤਵੰਤਿਆਂ ਨੂੰ ਸੰਬੋਧਨ ਕੀਤਾ।

ਉਦਘਾਟਨ ਦੌਰਾਨ ਪੀਐਮ ਮੋਦੀ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਦੋਸਤੋ, ਇਹ ਸਿਰਫ਼ ਇਮਾਰਤ ਨਹੀਂ ਹੈ। ਇੱਕ ਰਾਸ਼ਟਰ ਵਜੋਂ ਸਾਡੇ ਸਾਰਿਆਂ ਲਈ 140 ਕਰੋੜ ਦਾ ਮਤਾ ਇਸ ਸੰਸਦ ਦਾ ਜੀਵਨ ਵੱਕਾਰ ਹੈ। ਇੱਥੇ ਲਿਆ ਗਿਆ ਹਰ ਫੈਸਲਾ ਭਵਿੱਖ ਨੂੰ ਆਕਾਰ ਦੇਣ ਵਾਲਾ ਹੈ। ਸੰਸਦ ਦੀ ਹਰ ਕੰਧ, ਇਸ ਦਾ ਹਰ ਕਣ ਗਰੀਬਾਂ ਦੀ ਭਲਾਈ ਨੂੰ ਸਮਰਪਿਤ ਹੈ। ਉਨ੍ਹਾਂ ਅੱਗੇ ਕਿਹਾ ਕਿ ਸੰਸਦ ਦੀ ਇਹ ਨਵੀਂ ਇਮਾਰਤ ਭਾਰਤ ਦੀ ਸਿਰਜਣਾ ਦਾ ਆਧਾਰ ਬਣੇਗੀ।

ਸੰਸਦ ਦੀ ਇਸ ਨਵੀਂ ਇਮਾਰਤ ਵਿੱਚ ਸੇਂਗੋਲ ਦੀ ਸਥਾਪਨਾ ਬਾਰੇ ਪੀਐਮ ਮੋਦੀ ਨੇ ਕਿਹਾ ਕਿ ਮਹਾਨ ਚੋਲ ਸਾਮ-ਰਾਜ ਵਿੱਚ ਸੇਂਗੋਲ ਨੂੰ ਕਰਤੱਵ ਮਾਰਗ, ਸੇਵਾ ਮਾਰਗ, ਰਾਸ਼ਟਰ ਮਾਰਗ ਦਾ ਪ੍ਰਤੀਕ ਮੰਨਿਆ ਜਾਂਦਾ ਸੀ। ਰਾਜਾਜੀ ਅਤੇ ਆਦਿਨਾਮ ਦੇ ਸੰਤਾਂ ਦੀ ਅਗਵਾਈ ਹੇਠ, ਇਹ ਸੇਂਗੋਲ ਸੱਤਾ ਦੇ ਤਬਾਦਲੇ ਦਾ ਪ੍ਰਤੀਕ ਬਣ ਗਿਆ। ਮੋਦੀ ਨੇ ਕਿਹਾ ਕਿ ਉਨ੍ਹਾਂ ਨੂੰ ਆਦਿਨਾਮ ਦੇ ਸੰਤ ਨੇ ਆਸ਼ੀਰਵਾਦ ਦਿੱਤਾ, ਜੋ ਵਿਸ਼ੇਸ਼ ਤੌਰ 'ਤੇ ਤਾਮਿਲਨਾਡੂ ਤੋਂ ਆਏ ਸਨ। ਮੈਂ ਫਿਰ

# ਗਿਲਗਿਤ-ਬਾਲਤਿਸਤਾਨ ਦੇ ਪਹਾੜੀ ਖੇਤਰ 'ਚ ਡਿੱਗੇ ਬਰਫ ਦੇ ਤੋਦੇ, 11 ਆਦੀਵਾਸੀ ਮਰੇ



ਲਾਹੌਰ, 28 ਮਈ (ਪੋਸਟ ਬਿਊਰੋ):ਪਾਕਿਸਤਾਨ ਦੇ ਗਿਲਗਿਤ-ਬਾਲਟਿਸਤਾਨ ਖੇਤਰ 'ਚ ਸ਼ਨੀਵਾਰ ਨੂੰ ਬਰਫੀਲੇ ਤੂਫਾਨ ਕਾਰਨ ਇਕ ਖਾਨਾਬਦੋਸ਼ ਕਬੀਲੇ ਦੇ 11 ਲੋਕਾਂ ਦੀ ਮੌਤ ਹੋ ਗਈ ਅਤੇ 25 ਹੋਰ ਜ਼ਖਮੀ ਹੋ ਗਏ। ਪੁਲਿਸ ਨੇ ਦੱਸਿਆ ਕਿ ਅਸਟੋਰ ਜ਼ਿਲੇ ਦੇ ਸ਼ੌਂਟਰ ਪਾਸ ਦੇ ਚੰਬੇਲੀ ਖੇਤਰ 'ਚ ਬਰਫ ਦੇ ਤੋਦੇ ਡਿੱਗੇ। ਮਰਨ ਵਾਲਿਆਂ ਵਿੱਚ ਚਾਰ ਔਰਤਾਂ ਅਤੇ ਇੱਕ ਚਾਰ ਸਾਲ ਦਾ ਬੱਚਾ ਸ਼ਾਮਲ ਹੈ। ਪੁਲਿਸ ਮੁਤਾਬਕ ਬਰਫ਼ਬਾਰੀ ਤੋਂ ਬਾਅਦ ਸਥਾਨਕ ਲੋਕਾਂ ਦੀ ਮਦਦ ਨਾਲ ਬਚਾਅ ਕਾਰਜ ਸ਼ੁਰੂ ਕੀਤੇ ਗਏ। ਬਾਅਦ ਵਿੱਚ ਪਾਕਿਸਤਾਨੀ ਫੌਜ ਦੇ ਜਵਾਨ ਬਚਾਅ ਕਾਰਜ ਵਿੱਚ ਸ਼ਾਮਲ ਹੋ ਗਏ।

ਬਚਾਅ ਅਧਿਕਾਰੀਆਂ ਨੇ ਦੱਸਿਆ ਕਿ ਗੁੱਜਰ ਪਰਿਵਾਰ ਦੇ 25 ਮੈਂਬਰ ਆਪਣੇ ਪਸ਼ੂਆਂ ਸਮੇਤ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਤੋਂ ਅਸਟੋਰ ਜਾ ਰਹੇ ਸਨ ਜਦੋਂ ਉਹ ਬਰਫ਼ ਦੇ ਤੋਦੇ ਦੀ ਲਪੇਟ ਵਿੱਚ ਆ ਗਏ। ਜ਼ਖਮੀਆਂ ਨੂੰ ਜ਼ਿਲਾ ਹਸਪਤਾਲ 'ਚ ਭਰਤੀ ਕਰਵ-ਾਇਆ ਗਿਆ ਹੈ, ਜਿੱਥੇ 12 ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।

ਇਸ ਤੋਂ ਪਹਿਲਾਂ ਖੇਤਰ ਦੇ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ ਤੁਫੈਲ ਮੀਰ ਨੇ ਕਿਹਾ ਕਿ ਮੁਸ਼ਕਲ ਖੇਤਰ ਕਾਰਨ ਬਚਾਅ ਟੀਮਾਂ ਨੂੰ ਪ੍ਰਭਾਵਿਤ ਖੇਤਰ ਤੱਕ ਪਹੁੰਚਣ ਵਿੱਚ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨੀ ਫੌਜ ਦੀ ਡਿਟੈਚਮੈਂਟ ਫੋਰਸ ਕਮਾਂਡ ਉੱਤਰੀ ਸੈਕਟਰ ਨੇ ਬਚਾਅ ਕਾਰਜਾਂ ਵਿੱਚ ਸਹਾਇਤਾ ਲਈ ਹੈਲੀਕਾਪਟਰ ਸੇਵਾ, ਰਾਹਤ ਸਮੱਗਰੀ ਅਤੇ ਪੈਰਾ-ਮੈਡੀਕਲ ਸਟਾਫ ਮੁਹੱਈਆ ਕਰਵਾਇਆ, ਪਰ ਖਰਾਬ ਮੌਸਮ ਕਾਰਨ ਉਨ੍ਹਾਂ ਨੂੰ ਘਟਨਾ ਵਾਲੀ ਥਾਂ 'ਤੇ ਨਹੀਂ ਭੇਜਿਆ ਜਾ ਸਕਿਆ।

# ਦਿੱਲੀ ਪੁਲਸ ਵਲੋਂ ਪ੍ਰਦਰਸ਼ਨਕਾਰੀ ਪਹਿਲਵਾਨਾਂ ਖ਼ਿਲਾਫ਼ ਦੰਗਾ ਕਰਨ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ



ਨਵੀਂ ਦਿੱਲੀ, 28 ਮਈ (ਪੋਸਟ ਬਿਊਰੋ): ਇੱਕ ਪਾਸੇ ਜਿੱਥੇ ਪੀਐਮ ਮੋਦੀ ਅੱਜ ਨਵੀਂ ਸੰਸਦ ਭਵਨ ਦਾ ਉਦਘਾਟਨ ਕਰ ਰਹੇ ਸਨ, ਉੱਥੇ ਹੀ ਦੂਜੇ ਪਾਸੇ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਪਹਿਲਵਾਨ ਨਵੀਂ ਸੰਸਦ ਵੱਲ ਵਧ ਰਹੇ ਸਨ। ਪਰ ਕੁਝ ਹੀ ਦੇਰ ਬਾਅਦ ਉਸ ਨੂੰ ਦਿੱਲੀ ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ। ਇਸ ਦੇ ਨਾਲ ਹੀ ਹੁਣ ਦਿੱਲੀ ਪੁਲਿਸ ਨੇ ਪਹਿਲਵਾਨਾਂ 'ਤੇ ਦੰਗਾ ਕਰਨ, ਗੈਰ-ਕਾਨੂੰਨੀ ਇਕੱਠ ਕਰਨ, ਡਿਊਟੀ ਦੌਰਾਨ ਪੁਲਿਸ ਦੇ ਕੰਮ 'ਚ ਵਿਘਨ ਪਾਉਣ ਦਾ ਮਾਮਲਾ ਦਰਜ ਕੀਤਾ ਹੈ, ਜਿਸ ਤੋਂ ਬਾਅਦ ਪ੍ਰਦਰਸ਼ਨਕਾਰੀ ਪਹਿਲਵਾਨਾਂ ਦੀਆਂ ਮੁਸ਼ਕਿਲਾਂ ਵਧ ਸਕਦੀਆਂ ਹਨ।

ਜਾਣਕਾਰੀ ਅਨੁਸਾਰ ਕੁਝ ਪਹਿਲਵਾਨ ਜੰਤਰ-ਮੰਤਰ 'ਤੇ ਵਾਪਸ ਪਹੁੰਚ ਗਏ ਸਨ। ਪਰ ਦਿੱਲੀ ਪੁਲਿਸ ਨੇ ਉਨ੍ਹਾਂ ਨੂੰ ਵਿਰੋਧ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਅਤੇ ਵਾਪਸ ਭੇਜ ਦਿੱਤਾ। ਦਿੱਲੀ ਪੁਲੀਸ ਨੇ ਪਹਿਲਵਾਨਾਂ ਖ਼ਿਲਾਫ਼ ਆਈਪੀਸੀ ਦੀ ਧਾਰਾ 147, 149, 186, 188, 332, 353 ਤਹਿਤ ਕੇਸ ਦਰਜ ਕਰ ਲਿਆ ਹੈ। ਪੀਡੀਪੀਪੀ ਐਕਟ ਦੀ ਧਾਰਾ 3 ਤਹਿਤ ਐਫਆਈਆਰ ਵੀ ਦਰਜ ਕੀਤੀਆਂ ਗਈਆਂ ਹਨ। ਦਿੱਲੀ ਪੁਲਿਸ ਨੇ ਜੰਤਰ-ਮੰਤਰ ਨੂੰ ਪੂਰੀ ਤਰ੍ਹਾਂ ਖਾਲੀ ਕਰਵਾ ਲਿਆ ਹੈ। ਪਹਿਲਵਾਨਾਂ ਤੋਂ ਇਲਾਵਾ ਸਾਰੇ ਪ੍ਰਦਰਸ਼ਨਕਾਰੀਆਂ ਨੂੰ ਜੰਤਰ-ਮੰਤਰ ਤੋਂ ਹਟਾ ਦਿੱਤਾ ਗਿਆ। ਪਹਿਲਵਾਨਾਂ ਦੇ ਟੈਂਟ ਅਤੇ ਹੋਰ ਸਮਾਨ ਹਟਾ ਕੇ ਜੰਤਰ-ਮੰਤਰ ਦੀ ਸਫ਼ਾਈ ਕੀਤੀ ਗਈ।

ਅਥਲੀਟ ਭਾਰਤੀ ਕੁਸ਼ਤੀ ਮਹਾਸੰਘ ਦੇ ਪ੍ਰਧਾਨ ਬ੍ਰਿਜ ਭੂਸ਼ਣ ਸਿੰਘ 'ਤੇ ਜਿਨਸੀ ਸ਼ੋਸ਼ਣ ਅਤੇ ਡਰਾਉਣ-ਧਮਕਾਉਣ ਦੇ ਦੋਸ਼ਾਂ 'ਚ ਗ੍ਰਿਫਤਾਰ ਕੀਤੇ ਜਾਣ ਦੀ ਮੰਗ ਕਰ ਰਹੇ ਹਨ। ਡਬਲਿਊਐਫਆਈ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਵਿਰੋਧ ਵਿੱਚ ਪਹਿਲਵਾਨਾਂ ਵੱਲੋਂ ਅੱਜ ਦਿੱਲੀ ਵਿੱਚ 'ਮਹਿਲਾ ਸਨਮਾਨ ਮਹਾਪੰਚਾਇਤ' ਬੁਲਾਈ ਗਈ। ਜਿਸ ਕਾਰਨ ਦਿੱਲੀ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ।

# ਮੈਕਸੀਕੋ 'ਚ ਬਾਈਕ ਰੈਲੀ ਦੌਰਾਨ ਗੋਲੀਬਾਰੀ, ਤਿੰਨ ਦੀ ਮੌਤ, ਮੁਲਜ਼ਮ ਕਾਬੂ

ਮੈਕਸੀਕੋ ਸਿਟੀ, 28 ਮਈ (ਪੋਸਟ ਬਿਊਰੋ):ਅਮਰੀਕਾ ਦੇ ਮੈਕਸੀਕੋ ਸਿਟੀ ਵਿੱਚ ਸ਼ਨੀਵਾਰ ਨੂੰ ਇੱਕ ਬਾਈਕ ਰੈਲੀ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਜਦੋਂ ਕਿ ਪੰਜ ਲੋਕ ਜ਼ਖਮੀ ਹੋਏ ਹਨ। ਘਟਨਾ ਮੈਕਸੀਕੋ ਦੇ ਰੈੱਡ ਰਿਵਰ ਇਲਾਕੇ ਦੀ ਹੈ। ਨਿਊ ਮੈਕਸੀਕੋ ਪੁਲਿਸ ਦਾ ਕਹਿਣਾ ਹੈ ਕਿ ਇੱਕ ਜ਼ਖਮੀ ਵਿਅਕਤੀ ਨੂੰ ਇਲਾਜ ਲਈ ਡੇਨਵਰ ਲਿਜਾਇਆ ਗਿਆ ਹੈ। ਮੇਨ ਸਟਰੀਟ 'ਤੇ ਸਾਲਾਨਾ ਬਾਈਕ ਰੈਲੀ 'ਚ ਹਜ਼ਾਰਾਂ ਲੋਕ ਸ਼ਾਮਲ ਹੋਏ। ਇੱਥੇ ਬਦਮਾਸ਼ਾਂ ਨੇ ਗੋਲੀਆਂ ਚਲਾ ਦਿੱਤੀਆਂ। ਜ਼ਖਮੀਆਂ ਨੂੰ ਇਲਾਜ ਲਈ ਤਾਉਸ ਦੇ ਹੋਲੀ ਕਰਾਸ ਹਸਪਤਾਲ ਅਤੇ ਨਿਊ ਮੈਕਸੀਕੋ ਯੂਨੀਵਰਸਿਟੀ, ਅਲਬੂਕਰਕ ਵਿਖੇ ਲਿਜ-ਾਇਆ ਗਿਆ।

ਮੇਅਰ ਲਿੰਡਾ ਕੈਲਹੌਨ ਨੇ ਕਿਹਾ ਕਿ ਗੋਲੀਬਾਰੀ ਵਿੱਚ ਸ਼ਾਮਲ ਸਾਰੇ ਬਦਮਾਸ਼ਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਸਾਰੇ ਮੁਲਜ਼ਮ ਖੁਦ ਬਾਈਕ ਰੈਲੀ 'ਚ ਸ਼ਾਮਲ ਸਨ ਅਤੇ ਬਾਈਕ ਰੈਲੀ ਦੇ ਮੈਂਬਰ ਸਨ।



ਮਹਿੰਦਰ ਸਿੰਘ ਗਿਲਚੀਆ ਅਤੇ ਗੁਰਮੀਤ ਸਿੰਘ ਗਿੱਲ ਨਿਊਯਾਰਕ 'ਚ ਸਮਾਗਮ ਦੀ ਕਾਮਯਾਬੀ ਲਈ ਸਖ਼ਤ ਮਿਹਨਤ ਕਰ ਰਹੇ ਹਨ। ਬਾਵਾ ਦਾ ਅਮਰੀਕਾ ਨਿਊ ਜਰਸੀ ਪਹੁੰਚਣ 'ਤੇ ਕੀਤਾ ਨਿੱਘਾ ਸਵਾਗਤ। ਰਾਹੁਲ ਗਾਂਧੀ ਦੀ ਅਮਰੀਕਾ ਫੇਰੀ 'ਚ ਸਵਾਗਤ ਕਰਨ ਲਈ ਓਵਰਸੀਜ਼ ਕਾਂਗਰਸੀ ਪੱਬਾਂ ਭਾਰ ਹੋਏ। ਇਹ ਜਾਣਕਾਰੀ ਗੁਰਮੀਤ ਸਿੰਘ ਗਿੱਲ ਪ੍ਰਧਾਨ ਪੰਜਾਬ ਚੈਪਟਰ ਕਾਂਗਰਸ ਅਮਰੀਕਾ ਨੇ ਦਿੱਤੀ। ਉਹਨਾਂ ਕਿਹਾ ਕਿ ਸਾਡੀ ਸਾਰੀ ਟੀਮ ਮਹਿੰਦਰ ਸਿੰਘ ਗਿਲਚੀਆ ਦੇ ਨਾਲ ਸੈਮ ਪਟਰੋਦਾ ਦੀ ਅਗਵਾਈ 'ਚ ਰਾਹੁਲ ਗਾਂਧੀ ਜੀ ਦੇ ਸਵਾਗਤ ਲਈ ਦਿਨ ਰਾਤ ਇੱਕ ਕਰ ਰਹੀ ਹੈ। ਇਸ ਸਮੇਂ ਪੰਜਾਬ ਤੋਂ ਆਏ ਸੀਨੀਅਰ ਕਾਂਗਰਸੀ ਨੇਤਾ ਅਤੇ ਓ.ਬੀ.ਸੀ. ਦੇ ਏ.ਆਈ.ਸੀ.ਸੀ. ਦੇ ਕੋਆਰਡੀਨੇਟਰ ਕ੍ਰਿਸ਼ਨ ਕੁਮਾਰ ਬਾਵਾ ਦਾ ਵੀ ਸਾਥੀਆਂ ਨੇ ਭਰਵਾਂ ਸਵਾਗਤ ਕੀਤਾ। ਇਸ ਸਮੇਂ ਨਿਰਮਲ ਸਿੰਘ ਗਰੇਵਾਲ, ਮੇਜਰ ਸਿੰਘ ਢਿੱਲੋਂ, ਹਰਜੀਤ ਸਿੰਘ ਸਿੱਧੂ, ਰਵੀ ਪੱਬੀਆਂ, ਮਨਦੀਪ ਸਿੰਘ ਹਾਂਸ, ਬੂਟਾ ਸਿੰਘ ਕੈਂਥ ਆਦਿ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਚਾਰਟਰਡ ਅਕਾਊਂਟੈਂਟਸ ਦੀ ਸਾਲਾਨਾ ਕਨਵੋਕੇਸ਼ਨ-2023 ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ



ਲੁਧਿਆਣਾ, 28 ਮਈ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਸਥਾਨਕ ਹੋਟਲ ਰੈਡੀਸਨ ਬਲੂ, ਫਿਰੋਜ਼ਪੁਰ ਰੋਡ ਵਿਖੇ ਚਾਰਟਰਡ ਅਕਾਊਂਟੈਂਟਸ ਦੀ ਸਾਲਾਨਾ ਕਨਵੋਕੇਸ਼ਨ-2023 ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਸਮਾਗਮ ਦੌਰਾਨ ਕਰੀਬ 350 ਨਵੇਂ ਯੋਗਤਾ ਪ੍ਰਾਪਤ ਚਾਰਟਰਡ ਅਕਾਊਂਟੈਂਟਸ ਨੂੰ ਮੈਂਬਰਸ਼ਿਪ ਡਿਗਰੀਆਂ ਨਾਲ ਸਨਮਾਨਿਤ ਕੀਤਾ ਗਿਆ।

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ ਦੇ ਨਾਲ ਇਸ ਮੌਕੇ ਹਲਕਾ ਆਤਮ ਨਗਰਤ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ, ਲੁਧਿਆਣ ਪੱਛਮੀ ਤੋਂ ਵਿਧਾਇਕ ਗੁਰਪ੍ਰੀਤ ਸਿੰਘ ਬੱਸੀ ਗੋਗੀ ਅਤੇ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਸੁਰੇਸ਼ ਗੋਇਲ ਵੀ ਮੌਜੂਦ ਸਨ।

ਸਮਾਗਮ ਮੌਕੇ ਆਪਣੇ ਸੰਬੋਧਨ ਦੌਰਾਨ ਸਪੀਕਰ ਸੰਧਵਾਂ ਵਲੋਂ ਨਵੇਂ ਭਰਤੀ ਹੋਏ ਚਾਰਟਰਡ ਅਕਾਊਂਟੈਂਟਸ ਨੂੰ ਇਸ ਮੀਲ ਪੱਥਰ ਨੂੰ ਹਾਸਲ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਅੱਗੇ ਕਿਹਾ ਕਿ ਚਾਰਟਰਡ ਅਕਾਊਂਟੈਂਟ ਰਾਸ਼ਟਰ ਨਿਰਮਾਣ ਵਿੱਚ ਭਾਈਵਾਲ ਹੋਣ ਦੇ ਨਾਤੇ ਸਾਡੀ ਆਰਥਿਕਤਾ ਦੀ ਵੱਡੀ ਜ਼ਿੰਮੇਵਾਰੀ ਹਨ। ਇਸ ਲਈ ਉਨ੍ਹਾਂ ਡੱਟ ਕੇ ਮਿਹਨਤ ਕਰਦਿਆਂ ਦੇਸ਼ਹਿੱਤ ਅਤੇ ਮਾਨਵਤਾ ਦੀ ਭਲਾਈ ਵਿੱਚ ਯੋਗਦਾਨ ਪਾਉਂਦਿਆਂ ਆਪਣੇ ਕੰਮ ਪ੍ਰਤੀ ਸਮਰਪਿਤ ਹੋਣਾ ਚਾਹੀਦਾ ਹੈ। ਉਨ੍ਹਾਂ ਇਨ੍ਹਾਂ ਨੌਜਵਾਨਾਂ ਦੇ ਚਾਰਟਰਡ ਅਕਾਊਂਟੈਂਟ ਬਣਨ ਵਿੱਚ ਮਾਪਿਆਂ ਦੀ ਅਹਿਮ ਭੂਮਿਕਾ ਦੀ ਵੀ ਸ਼ਲਾਘਾ ਕੀਤੀ।

ਇੰਸਟੀਚਿਊਟ ਆਫ਼ ਚਾਰਟਰਡ ਅਕਾਊਂਟੈਂਟਸ ਆਫ਼ ਇੰਡੀਆ ਦੀ ਐਨ.ਆਈ.ਆਰ.ਸੀ. ਦੀ ਲੁਧਿਆਣਾ ਸ਼ਾਖਾ ਵਲੋਂ ਕਨਵੋਕੇਸ਼ਨ-2023 ਸਮਾਰੋਹ ਦੀ ਮੇਜ਼ਬਾਨੀ ਕੀਤੀ ਤਾਂ ਜੋ ਨਵੇਂ ਯੋਗਤਾ ਪ੍ਰਾਪਤ ਮੈਂਬਰਾਂ ਦੀ ਸਹੂਲਤ ਲਈ ਮੈਂਬਰਸ਼ਿਪ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਜਾ ਸਕਣ।

ਸਮਾਗਮ ਦੀ ਸ਼ੁਰੂਆਤ ਦਿੱਲੀ ਤੋਂ ਵਰਚੂਅਲ ਤੌਰ 'ਤੇ ਸ਼ੁਰੂਆਤ ਸੀ.ਏ. ਅਨਿਕੇਤ ਸੁਨੀਲ ਤਲਾਟੀ ਪ੍ਰਧਾਨ, ਆਈ.ਸੀ.ਏ.ਆਈ. ਅਤੇ ਸੀ.ਏ. ਰਣਜੀਤ ਕੁਮਾਰ ਅਗਰਵਾਲ ਉਪ ਪ੍ਰਧਾਨ ਆਈ.ਸੀ.ਏ.ਆਈ. ਵਲੋਂ ਆਪਣੇ ਸੰਬੋਧਨ ਨਾਲ ਕੀਤੀ ਗਈ। ਲੁਧਿਆਣਾ ਸੈਂਟਰ ਵਿਖੇ ਸਮਾਗਮ ਦੀ ਸ਼ੁਰੂਆਤ ਲੁਧਿਆਣਾ ਬ੍ਰਾਂਚ ਦੇ ਸਕੱਤਰ ਸੀ.ਏ. ਸੁਭਾਸ਼ ਬਾਂਸਲ ਦੇ ਉਦਘਾਟਨੀ ਭਾਸ਼ਣ ਅਤੇ ਸ਼ਾਖਾ ਚੇਅਰਮੈਨ ਸੀ.ਏ. ਵਾਸੂ ਅਗਰਵਾਲ ਦੇ ਸਵਾਗਤੀ ਬੋਲਾਂ ਨਾਲ ਹੋਈ।

ਇਸ ਸਮਾਗਮ ਮੌਕੇ ਐਨ.ਆਈ.ਆਰਸੀ. ਦੇ ਵਾਈਸ ਚੇਅਰਮੈਨ ਸੀ.ਏ. ਦਿਨੇਸ਼ ਸ਼ਰਮਾ, ਐਨ.ਆਈ.ਆਰ.ਸੀ. ਮੈਂਬਰ ਸੀ.ਏ. ਸ਼ਾਲਿਨੀ ਗੁਪਤਾ ਵੀ ਹਾਜ਼ਰ ਸਨ ਅਤੇ ਉਨ੍ਹਾਂ ਮੈਂਬਰਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਖਜ਼ਾਨਚੀ ਸੀ.ਏ. ਰਾਕੇਸ਼ ਗਰੋਵਰ, ਐਨ.ਆਈ.ਸੀ.ਏ.ਐਸ.ਏ. ਲੁਧਿਆਣਾ ਦੇ ਚੇਅਰਮੈਨ ਸੀ.ਏ. ਵਿਕਾਸ ਕਵਾਤਰਾ, ਐਨ.ਆਈ.ਸੀ.ਏ.ਐਸ.ਏ. ਲੁਧਿਆਣਾ ਦੇ ਮੈਂਬਰ ਸੀ.ਏ. ਅਵਨੀਤ ਸਿੰਘ ਵੀ ਇਸ ਮੌਕੇ ਹਾਜ਼ਰ ਸਨ।

ਕੇਂਦਰੀ ਕੌਂਸਲ ਮੈਂਬਰ ਸੀ.ਏ. ਚਰਨਜੋਤ ਸਿੰਘ ਨੰਦਾ ਅਤੇ ਸੀ.ਏ. (ਡਾ.) ਸੰਜੀਵ ਕੁਮਾਰ ਸਿੰਘਲ ਅਤੇ ਆਈ.ਸੀ.ਏ.ਆਈ. ਦੇ ਸੀ.ਏ. ਹੰਸ ਰਾਜ ਚੁਗ ਨੇ ਲੁਧਿਆਣਾ ਤੋਂ ਲਾਈਵ ਟੈਲੀਕਾਸਟ ਰਾਹੀਂ ਭਾਗੀਦਾਰਾਂ ਨੂੰ ਸੰਬੋਧਨ ਕੀਤਾ। ਪ੍ਰੋਗਰਾਮ ਦੀ ਸਮਾਪਤੀ ਵਾਈਸ ਚੇਅਰਮੈਨ ਸੀ.ਏ. ਦੇ ਧੰਨਵਾਦੀ ਮਤੇ ਨਾਲ ਕੀਤੀ ਗਈ।

# ਮਨਿਸਟਰਜ਼ ਫ਼ਲਾਇੰਗ ਸਕੁਐਡ ਨੇ ਗ਼ੈਰ-ਨਿਰਧਾਰਿਤ ਰੂਟਾਂ 'ਤੇ ਚਲ ਰਹੀਆਂ ਪੰਜ ਬੱਸਾਂ ਅਤੇ ਤਿੰਨ ਟਿਕਟ ਗ਼ਬਨ ਮਾਮਲੇ ਫੜ੍ਹੇ : ਭੁੱਲਰ

ਸਵਾਰੀਆਂ ਦੀ ਖੱਜਲ-ਖੁਆਰੀ ਬਰਦਾਸ਼ਤ ਨਹੀਂ: ਟਰਾਂਸਪੋਰਟ ਮੰਤਰੀ ਨੇ ਦਿੱਤੀ ਸਖ਼ਤ ਚਿਤਾਵਨੀ



ਚੰਡੀਗੜ੍ਹ, 28 ਮਈ (ਪੋਸਟ ਬਿਊਰੋ): ਪੰਜਾਬ ਦੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਅੱਜ ਦੱਸਿਆ ਕਿ "ਮਨਿਸਟਰਜ਼ ਫ਼ਲਾਇੰਗ ਸਕੁਐਡ ਨੇ ਗ਼ੈਰ-ਨਿਰਧਾਰਤ ਰੂਟਾਂ 'ਤੇ ਚਲ ਰਹੀਆਂ ਪਨਬੱਸ ਦੀਆਂ ਪੰਜ ਬੱਸਾਂ ਫੜੀਆਂ ਹਨ। ਇਸ ਤੋਂ ਇਲਾਵਾ ਟਿਕਟ ਗ਼ਬਨ ਦੇ ਤਿੰਨ ਹੋਰ ਮਾਮਲੇ ਵੀ ਰਿਪੋਰਟ ਕੀਤੇ ਗਏ ਹਨ।

ਟਰਾਂਸਪੋਰਟ ਮੰਤਰੀ ਨੇ ਦੱਸਿਆ ਕਿ ਸਵਾਰੀਆਂ ਵੱਲੋਂ ਬੱਸਾਂ ਦੇ ਬਿਨਾਂ ਸਵਾਰੀ ਚੜ੍ਹਾਇਆਂ ਲੰਘ ਜਾਣ ਅਤੇ ਰੂਟ ਬਦਲ ਕੇ ਲੰਘ ਜਾਣ ਦੀਆਂ ਖ਼ਬਰਾਂ ਦੇ ਮੱਦੇਨਜ਼ਰ ਫ਼ਲਾਇੰਗ ਸਕੁਐਡ ਨੇ ਪਿਛਲੇ ਦਿਨੀਂ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕੀਤੀ ਜਿਸ ਵਿਚ ਮੋਰਿੰਡਾ ਬਾਈਪਾਸ 'ਤੇ ਚੈਕਿੰਗ ਦੌਰਾਨ ਪੱਟੀ ਡਿਪੂ ਦੀ ਬੱਸ ਨੰਬਰ-ਪੀ.ਬੀ-02-ਐਲ.ਜੀ 4279, ਖੰਨਾ ਫ਼ਲਾਈਓਵਰ 'ਤੇ ਬਟਾਲਾ ਡਿਪੂ ਦੀ ਬੱਸ ਨੰਬਰ-ਪੀ.ਬੀ-06-ਬੀ.ਐਕਸ-0213, ਖੰਨਾ ਬਾਈਪਾਸ 'ਤੇ ਲੁਧਿਆਣਾ ਡਿਪੂ ਦੀ ਬੱਸ ਨੰਬਰ-ਪੀ.ਬੀ-10-ਜੀ.ਐਕਸ 5376, ਗੁਰਾਇਆ ਪੁਲ 'ਤੇ ਅੰਮ੍ਰਿਤਸਰ-1 ਡਿਪੂ ਦੀ ਬੱਸ ਨੰਬਰ-ਪੀ.ਬੀ-02-ਈ.ਜੀ 5739 ਅਤੇ ਬਟਾਲਾ ਡਿਪੂ ਦੀ ਬੱਸ ਨੰਬਰ-ਪੀ.ਬੀ-06-ਬੀ.ਸੀ 0216 ਨੂੰ ਨਿਰਧਾਰਤ ਰੂਟਾਂ ਨਾਲੋਂ ਬਦਲਵੇਂ ਰੂਟਾਂ 'ਤੇ ਚੱਲਣ ਲਈ ਰਿਪੋਰਟ ਕੀਤਾ ਗਿਆ ਹੈ।

ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਤਿੰਨ ਬੱਸਾਂ ਵਿੱਚ ਟਿਕਟ ਗ਼ਬਨ ਦੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਕਾਂਗੜਾ (ਹਿਮਾਚਲ ਪ੍ਰਦੇਸ਼) ਵਿਖੇ ਚੈਕਿੰਗ ਦੌਰਾਨ ਹੁਸ਼ਿਆਰਪੁਰ ਡਿਪੂ ਦੀ ਬੱਸ ਨੰਬਰ-ਪੀ.ਬੀ-07-ਬੀ.ਕਿਊ 0824 ਵਿੱਚ 90 ਰੁਪਏ ਦਾ ਟਿਕਟ ਗ਼ਬਨ, ਕੋਟ ਪੁਤਲੀ ਵਿਖੇ ਚੈਕਿੰਗ ਦੌਰਾਨ ਚੰਡੀਗੜ੍ਹ ਡਿਪੂ ਦੀ ਬੱਸ ਨੰਬਰ-ਪੀ.ਬੀ-65-ਬੀ.ਬੀ 9360 ਵਿੱਚ 30 ਰੁਪਏ ਅਤੇ ਤਿਹਾੜਾ ਵਿਖੇ ਚੈਕਿੰਗ ਦੌਰਾਨ ਜਗਰਾਉਂ ਡਿਪੂ ਦੀ ਬੱਸ ਨੰਬਰ-ਪੀ.ਬੀ-10-ਜੀ.ਐਕਸ 6852 ਵਿੱਚ 20 ਰੁਪਏ ਦਾ ਟਿਕਟ ਗ਼ਬਨ ਸਾਹਮਣੇ ਆਇਆ।

ਟਰਾਂਸਪੋਰਟ ਮੰਤਰੀ ਨੇ ਡਾਇਰੈਕਟਰ ਸਟੇਟ ਟਰਾਂਸਪੋਰਟ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਰਿਪੋਰਟ ਕੀਤੇ ਗਏ ਡਰਾਈਵਰਾਂ ਅਤੇ ਕੰਡਕਟਰਾਂ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਉਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰ ਸਫ਼ਰ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਸਖ਼ਤ ਚਿਤਾਵਨੀ ਦਿੱਤੀ ਕਿ ਸਵਾਰੀਆਂ ਦੀ ਖੱਜਲ-ਖੁਆਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਪੰਜਾਬ ਦੇ ਭੱਖਦੇ ਮਸਲਿਆਂ ਤੇ ਸੈਮੀਨਾਰ ਕਰਕੇ ਲੋਕਾਂ ਨੂੰ ਕਰਾਂਗੇ ਜਾਗਰਿਤ : ਹਮੀਰ ਸਿੰਘ

ਮੋਗਾ 28 ਮਈ (ਪੋਸਟ ਬਿਊਰੋ) ਪੰਜਾਬ ਬਚਾਓ, ਪਿੰਡ ਬਚਾਓ ਮੰਚ ਦੇ ਪ੍ਰਧਾਨ ਹਮੀਰ ਸਿੰਘ ਦੀ ਅਗਵਾਈ ਹੇਠ ਸ ਬਲਦੇਵ ਸਿੰਘ ਸੜਕਨਾਮਾ, ਡਾ. ਸੁਰਜੀਤ ਬਰਾੜ ਅਤੇ ਅਸ਼ੋਕ ਚਟਾਨੀ ਦੇ ਸਹਿਯੋਗ ਨਾਲ "ਪੰਜਾਬ ਦੇ ਭੱਖਦੇ ਮਸਲਿਆਂ ਤੇ ਸੈਮੀਨਾਰ" ਕਰਕੇ ਲੋਕਾਂ ਨੂੰ ਜਾਗਰਿਤ ਕਰਨ ਲਈ ਮੁਹਿੰਮ ਸੁਰੂ ਕਰਨ ਵਾਸਤੇ ਬੁੱਧਜੀਵੀ ਵਰਗ ਦੀ ਮੀਟਿੰਗ ਡਾ ਹਰਨੇਕ ਸਿੰਘ ਰੋਡੇ ਦੇ ਫਾਰਮ ਤੇ ਕੀਤੀ ਗਈ। ਇਸ ਮੀਟਿੰਗ ਵਿਚ ਪੰਜਾਬ ਦੀ ਮੌਜੂਦਾ ਹਾਲਤ ਤੇ ਚਿੰਤਾ ਪ੍ਰਗਟ ਕਰਦਿਆਂ ਵੱਖ ਵੱਖ ਮੁੱਦਿਆਂ ਰਾਜਨੀਤਕ, ਆਰਥਿਕ,ਧਾਰਮਿਕ, ਪ੍ਰਵਾਸ ਵੱਲ ਨੌਜਵਾਨਾਂ ਦਾ ਰੁਝਾਨ, ਕਿਸਾਨੀ ਸੰਕਟ, ਬੇਰੁਜ਼ਗਾਰੀ, ਪਾਣੀ ਦਾ ਸੰਕਟ ਅਤੇ ਪ੍ਰਦੂਸ਼ਣ ਦੀ ਸਮੱਸਿਆ, ਮਜ਼ਦੂਰਾਂ ਤੇ ਕਿਰਤੀ ਵਰਗ ਦੀਆਂ ਸਮੱਸਿਆਵਾਂ, ਗਰੀਬੀ ਆਦਿ ਤੇ ਚਰਚਾ ਕੀਤੀ ਗਈ। ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ ਪੰਜਾਬ ਬਚਾਓ, ਪਿੰਡ ਬਚਾਓ ਮੰਚ ਦੇ ਨਾਲ ਪ੍ਰਗਤੀਸ਼ੀਲ ਲੇਖਿਕ ਸੰਘ, ਕੁਦਰਤਵਾਦੀ ਸਰਬਸਾਂਝਾ ਮੰਚ ਅਤੇ ਹੋਰ ਸਹਿਯੋਗੀ ਲੇਖਿਕ ਸਭਾਵਾਂ ਨਾਲ ਮਿਲਕੇ ਸੈਮੀਨਾਰਾਂ ਦਾ ਆਰੰਭ ਜ਼ਿਲ੍ਹਾ ਮੋਗਾ ਵਿਚੋ ਕੀਤਾ ਜਾਵੇਗਾ।

ਹਮੀਰ ਸਿੰਘ ਨੇ ਕਿਹਾ ਪੰਜਾਬ ਦੇ ਭੱਖਦੇ ਮਸਲਿਆਂ ਤੇ ਸੈਮੀਨਾਰ ਕਰਕੇ ਲੋਕਾਂ ਨੂੰ ਜਾਗਰਿਤ ਕਰਨ ਦੀ ਲੋੜ ਹੈ। ਉਹਨਾਂ ਕਿਹਾ ਕਿ ਬੁੱਧੀਜੀਵੀ ਚਿੰਤਕ ਲੋਕਾਂ ਨੂੰ ਪੰਜਾਬ ਬਚਾਉਣ ਦੇ ਲਈ ਅਗਵਾਈ ਕਰਨ ਦੀ ਲੋੜ ਹੈ। ਉਘੇ ਨਾਵਲਕਾਰ ਤੇ ਸਾਹਿਤਕਾਰ ਸ ਬਲਦੇਵ ਸਿੰਘ ਸੜਕਨਾਮਾ ਨੇ ਕਿਹਾ ਪੰਜਾਬ ਦੇ ਮੁੱਖ ਮੁੱਦੇ ਪੰਜਾਬ ਦੀ ਆਰਥਿਕਤਾ ਨੂੰ ਪ੍ਰਭਾਵਿਤ ਕਰ ਰਹੇ ਹਨ। ਉਹਨਾਂ ਕਿਹਾ ਸਰਕਾਰਾਂ ਦੀਆਂ ਨੀਤੀਆਂ ਨਾਲ ਸਮੱਸਿਆਵਾਂ ਵੱਧ ਰਹੀਆਂ ਹਨ। ਉਘੇ ਚਿੰਤਕ ਡਾ ਸੁਰਜੀਤ ਬਰਾੜ ਨੇ ਕਿਹਾ ਕਿ ਪੰਜਾਬ ਦੀਆਂ ਵੱਖ ਵੱਖ ਕਿਸਾਨ ਜੱਥੇਬੰਦੀਆਂ ਅਤੇ ਨੌਜਵਾਨ ਸਭਾਵਾਂ ਦੇ ਨੁਮਾਇੰਦਿਆਂ ਨੂੰ ਸੈਮੀਨਾਰਾਂ ਵਿਚ ਸਾਮਲ ਕੀਤਾ ਜਾਵੇਗਾ। ਉਘੇ ਸਮਾਜਸੇਵੀ ਚਿੰਤਕ ਕਰਨੈਲ ਸਿੰਘ ਜਖੇਪਲ ਨੇ ਕਿਹਾ ਕਿ ਪੰਜਾਬ ਪੱਧਰ ਤੇ ਸਰਗਰਮ ਮੁਹਿੰਮ ਸੁਰੂ ਕਰਨਾ ਸਮੇ ਦੀ ਲੋੜ ਹੈ। ਪ੍ਰਗਤੀਸ਼ੀਲ ਲੇਖਿਕ ਸੰਘ ਅਤੇ ਕੁਦਰਤਵਾਦੀ ਸਰਬਸਾਂਝਾ ਮੰਚ ਦੇ ਪ੍ਰਧਾਨ ਅਸ਼ੋਕ ਚਟਾਨੀ ਨੇ ਕਿਹਾ ਕਿ ਜ਼ਿਲ੍ਹਾ ਮੋਗਾ ਵਿਚੋਂ ਸੈਮੀਨਾਰਾਂ ਦੀ ਸੁਰੂਆਤ ਕਰਨ ਲਈ ਹਰ ਤਰ੍ਹਾਂ ਨਾਲ ਸਹਿਯੋਗ ਦਿੱਤਾ ਜਾਵੇਗਾ।

REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
★ All Kinds of Body Work
★ Auto Glass Windshield
★ Denting, Painting & Welding
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM

Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**
ਸੋਹਣਾ ਤੇ ਸਾਫ ਸੁਥਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**
ਸ਼ਾਨਦਾਰ ਤੇ ਸਾਫ ਸੁਥਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry

*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਉਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
DENTISTRY
Squire Ellis Dr
Countryside Dr

Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017